

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ

# ਸੇਵਾ ਸਰਗਰਮੀਆਂ

ਲੜੀ ਨੰਬਰ 10, ਦਸੰਬਰ 2018 (ਪੋਹ ਸੰਮਤ ਨਾਨਕਸ਼ਾਹੀ 550) । ਮੁੱਖ ਸੰਪਾਦਕ : ਦਿਲਜੀਤ ਸਿੰਘ ਬੇਦੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com

## ਸ੍ਰੀ ਕਰਤਾਰਪੁਰ ਸਾਹਿਬ ਦੇ ਲਾਂਘੇ ਸਬੰਧੀ ਡੇਰਾ ਬਾਬਾ ਨਾਨਕ ਵਿਖੇ ਸ਼ੁਕਰਾਨਾ ਸਮਾਗਮ

## ਸ਼੍ਰੋਮਣੀ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ ਨੇ ਖ਼ਾਲਸਾਈ ਜਾਹੋ-ਜਲਾਲ ਨਾਲ ਕੀਤੀ ਸ਼ਮੂਲੀਅਤ

ਡੇਰਾ ਬਾਬਾ ਨਾਨਕ- ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਲਈ ਲਾਂਘਾ ਤਿਆਰ ਕਰਨ ਦੀ ਆਰੰਭਤਾ ਮੌਕੇ ਭਾਰਤ ਸਰਕਾਰ ਵੱਲੋਂ ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਵਿਖੇ ਕਰਵਾਏ ਗਏ ਸਮਾਗਮ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੋਮਣੀ ਅਕਾਲੀ ਦਲ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਖ਼ਾਲਸਾਈ ਜਾਹੋ-ਜਲਾਲ ਨਾਲ ਸ਼ਮੂਲੀਅਤ ਕੀਤੀ। ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਸਾਂਝੇ ਤੌਰ 'ਤੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਸ਼ੁਕਰਾਨਾ ਸਮਾਗਮ ਕੀਤਾ ਗਿਆ, ਜਿਸ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਮੇਤ ਵੱਡੀ ਗਿਣਤੀ ਵਿਚ ਪੰਥਕ ਆਗੂਆਂ ਨੇ ਸ਼ਮੂਲੀਅਤ ਕੀਤੀ। ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਸਜਾਏ ਗਏ ਗੁਰਮਤਿ ਸਮਾਗਮ ਵਿਚ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅਰਦਾਸੀਏ ਭਾਈ ਰਾਜਦੀਪ ਸਿੰਘ ਨੇ ਸ਼ੁਕਰਾਨੇ ਦੀ ਅਰਦਾਸ ਕੀਤੀ। ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣ ਸਬੰਧੀ ਭਾਰਤ ਅਤੇ ਪਾਕਿਸਤਾਨ ਸਰਕਾਰ ਵੱਲੋਂ ਕੀਤੀ ਗਈ ਪਹਿਲਕਦਮੀ ਨੂੰ ਭਾਈਚਾਰਕ ਸਾਂਝ ਮਜ਼ਬੂਤ ਕਰਨ ਲਈ ਸੁਹਿਰਦ ਕਦਮ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਫੈਸਲਾ ਦੋਹਾਂ ਦੇਸ਼ਾਂ ਦੇ ਆਪਸੀ ਰਿਸ਼ਤਿਆਂ ਨੂੰ ਮਜ਼ਬੂਤ ਕਰੇਗਾ। ਭਾਈ ਲੌਂਗੋਵਾਲ ਨੇ ਭਾਰਤ ਅਤੇ ਪਾਕਿਸਤਾਨ ਦੀਆਂ ਸਰਕਾਰਾਂ ਦਾ ਸਿੱਖ ਜਗਤ ਵੱਲੋਂ ਧੰਨਵਾਦ ਵੀ ਕੀਤਾ। ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਕੇਂਦਰ ਸਰਕਾਰ ਵੱਲੋਂ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣ ਦੇ ਫੈਸਲੇ ਨੂੰ ਇਤਿਹਾਸਕ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਸਿੱਖ ਕੌਮ ਵੱਲੋਂ ਪਿਛਲੇ 70 ਸਾਲਾਂ ਤੋਂ ਸਵੇਰ ਸ਼ਾਮ ਵਿਛੜੇ ਗੁਰਧਾਮਾਂ ਦੇ ਦਰਸ਼ਨ ਦੀਦਾਰਿਆਂ ਦੀ ਕੀਤੀ ਜਾ ਰਹੀ ਅਰਦਾਸ ਗੁਰੂ ਸਾਹਿਬ ਨੇ ਪੂਰੀ ਕੀਤੀ ਹੈ ਅਤੇ ਲਾਂਘਾ ਖੁਲ੍ਹਣ ਦੀ ਖ਼ਬਰ ਨਾਲ ਸਮੁੱਚੇ ਸਿੱਖ ਜਗਤ ਵਿਚ ਖੁਸ਼ੀ ਦੀ ਲਹਿਰ ਹੈ। ਸ. ਸੁਖਬੀਰ ਸਿੰਘ ਬਾਦਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਰਤ ਸਰਕਾਰ ਵੱਲੋਂ ਲਏ ਗਏ ਫੈਸਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਗੁਰੂ ਸਾਹਿਬ ਦੀ ਵਿਚਾਰਧਾਰਾ ਦਾ ਪੂਰਾ ਵਿਸ਼ਵ ਵਿਚ ਪ੍ਰਚਾਰ ਹੋ ਸਕੇਗਾ। ਉਨ੍ਹਾਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਤਰਜ਼ਮਾਨੀ ਕਰਨ ਲਈ ਧੰਨਵਾਦ ਕੀਤਾ। ਇਸ ਮੌਕੇ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਬਾਬਾ ਮੇਜਰ ਸਿੰਘ ਵਾਂ, ਬਾਬਾ ਬੁੱਧ ਸਿੰਘ ਨਿੱਕੇ ਘੁੰਮਣ, ਸ. ਬਲਵਿੰਦਰ ਸਿੰਘ ਭੂੰਦੜ, ਸ. ਪ੍ਰੇਮ ਸਿੰਘ ਚੰਦੂਮਾਜਰਾ, ਬੀਬੀ ਜਗੀਰ ਕੌਰ, ਸ. ਮਨਜੀਤ ਸਿੰਘ ਜੀ.ਕੇ., ਸ. ਨਿਰਮਲ ਸਿੰਘ ਕਾਹਲੋਂ, ਸ. ਬਿਕਰਮ ਸਿੰਘ ਮਜੀਠੀਆ, ਡਾ. ਦਲਜੀਤ ਸਿੰਘ ਚੀਮਾ, ਜਥੇਦਾਰ ਗੁਲਜ਼ਾਰ ਸਿੰਘ ਰਣੀਕੇ, ਡਾ. ਉਪਿੰਦਰਜੀਤ ਕੌਰ, ਸ. ਹੀਰਾ ਸਿੰਘ ਗਾਬੜੀਆ, ਸ. ਵਿਰਸਾ ਸਿੰਘ ਵਲਟੋਹਾ, ਸ. ਹਰਮੀਤ ਸਿੰਘ ਸੰਧੂ, ਸ. ਦੀਦਾਰ ਸਿੰਘ ਭੱਟੀ, ਸ. ਗੁਰਬਚਨ ਸਿੰਘ ਬੱਬੇਹਾਲੀ, ਸ. ਗੁਰਪ੍ਰਤਾਪ ਸਿੰਘ ਵਡਾਲਾ, ਸ. ਲਖਬੀਰ ਸਿੰਘ ਲੋਧੀਨੰਗਲ, ਸ. ਦਰਬਾਰਾ ਸਿੰਘ ਗੁਰੂ, ਸ੍ਰੀ ਦੇਸਰਾਜ ਧੁੱਗਾ, ਸ. ਵੀਰ ਸਿੰਘ ਲੋਪੋਕੇ, ਸ੍ਰੀ ਸਰਵਨ ਸਲਾਰੀਆ, ਸ. ਰਵੀਕਰਨ ਸਿੰਘ ਕਾਹਲੋਂ, ਸ. ਬਿੱਕਰ ਸਿੰਘ ਚੰਨੂ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਅਮਰੀਕ ਸਿੰਘ ਵਿਛੋਆ, ਭਾਈ ਮਨਜੀਤ ਸਿੰਘ, ਸ. ਖ਼ੁਸ਼ਵਿੰਦਰ ਸਿੰਘ ਭਾਟੀਆ, ਸ. ਸ਼ਿੰਗਾਰਾ ਸਿੰਘ ਲੋਹੀਆ, ਸ. ਅਮਰੀਕ ਸਿੰਘ ਕੋਟਸ਼ਮੀਰ, ਬੀਬੀ ਜਸਬੀਰ ਕੌਰ, ਸ. ਜਗਜੀਤ ਸਿੰਘ ਤਲਵੰਡੀ, ਸ. ਭਗਵੰਤ ਸਿੰਘ ਸਿਆਲਕਾ, ਭਾਈ ਰਾਜਿੰਦਰ ਸਿੰਘ ਮਹਿਤਾ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਲਖਬੀਰ ਸਿੰਘ ਅਰਾਈਆਂਵਾਲਾ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਭਾਈ ਅਮਰਜੀਤ ਸਿੰਘ ਚਾਵਲਾ, ਸ. ਬਲਜੀਤ ਸਿੰਘ ਜਲਾਲਉਸਮਾ, ਸ. ਗੁਰਮੀਤ ਸਿੰਘ ਬੂਹ, ਭਾਈ ਰਾਮ ਸਿੰਘ, ਸ. ਰਤਨ ਸਿੰਘ ਜੱਫਰਵਾਲ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਜੋਧ ਸਿੰਘ ਸਮਰਾ, ਸ. ਹਰਪਾਲ ਸਿੰਘ ਜੱਲਾ, ਸ. ਨਵਤੇਜ ਸਿੰਘ ਢੱਡੇ, ਸ. ਨਵਤੇਜ ਸਿੰਘ ਕਾਉਣੀ, ਸ. ਸਰਵਨ ਸਿੰਘ ਕੁਲਾਰ, ਸ. ਕੁਲਵੰਤ ਸਿੰਘ ਮੰਨਣ, ਸ. ਚਰਨਜੀਤ ਸਿੰਘ ਜੱਸੋਵਾਲ, ਸ. ਸੁਰਜੀਤ ਸਿੰਘ ਕਾਉਣੀ, ਬੀਬੀ ਗੁਰਪ੍ਰੀਤ ਕੌਰ ਰੂਹੀ, ਭਾਈ ਅਜਾਇਬ ਸਿੰਘ ਅਭਿਆਸੀ, ਸ. ਤੀਰਥ ਸਿੰਘ ਮਾਹਲਾ, ਸ. ਦੀਦਾਰ ਸਿੰਘ ਭੱਟੀ, ਬਾਬਾ ਨਿਰਮਲ ਸਿੰਘ, ਬੀਬੀ ਜੋਗਿੰਦਰ ਕੌਰ ਧਰਮ ਕੋਟ, ਸ. ਗੁਰਨਾਮ ਸਿੰਘ ਜੱਸਲ, ਸ. ਗੁਰਪ੍ਰਤਾਪ ਸਿੰਘ ਟਿੱਕਾ, ਸ. ਸੁਖਵਿੰਦਰ ਸਿੰਘ ਅਗਵਾਨ, ਸ. ਸੁਖਜਿੰਦਰ ਸਿੰਘ ਸੋਨੂੰ ਲੰਗਾਹ, ਸ. ਸਤਵੰਤ ਸਿੰਘ ਉਦੋਵਾਲੀ, ਸ. ਸੁਖਬੀਰ ਸਿੰਘ ਵਾਹਲਾ, ਸ. ਦੀਪਇੰਦਰ ਸਿੰਘ ਰੰਧਾਵਾ, ਸ. ਕੰਵਲਪ੍ਰੀਤ ਸਿੰਘ ਕਾਕੀ, ਸ਼੍ਰੋਮਣੀ ਕਮੇਟੀ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਤੇਜਿੰਦਰ ਸਿੰਘ ਪੱਡਾ, ਸ. ਇੰਦਰਜੀਤ ਸਿੰਘ ਰੰਧਾਵਾ, ਰੋਜੀ ਬਰਕੰਦੀ, ਸ. ਮਲਕੀਅਤ ਸਿੰਘ ਏ.ਆਰ., ਸ. ਅਮਰੀਕ ਸਿੰਘ ਖਲੀਲਪੁਰ ਤੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।



## ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ 550ਵੇਂ ਪ੍ਰਕਾਸ਼ ਪੁਰਬ ਮੌਕੇ ਸਿੱਖ ਕੌਮ ਲਈ ਤੋਹਫ਼ਾ-ਭਾਈ ਲੌਂਗੋਵਾਲ

ਅੰਮ੍ਰਿਤਸਰ- ਪਾਕਿਸਤਾਨ ਸਥਿਤ ਸਿੱਖ ਕੌਮ ਦੇ ਮੁਕੱਦਸ ਅਸਥਾਨ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾ ਲਈ ਖੁਲੇ ਲਾਂਘੇ ਦੀ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਮੰਗ ਨੂੰ ਆਖਰ ਬੂਰ ਪਿਆ ਹੈ। ਭਾਰਤ ਅਤੇ ਪਾਕਿਸਤਾਨ ਸਰਕਾਰਾਂ ਵੱਲੋਂ ਲਾਂਘਾ ਖੋਲਣ ਦੇ ਕੀਤੇ ਫੈਸਲੇ ਅਨੁਸਾਰ ਭਾਰਤ ਵਾਲੇ ਪਾਸੇ ਲਾਂਘੇ ਦਾ ਨੀਂਹ ਪੱਥਰ 26 ਨਵੰਬਰ ਨੂੰ ਭਾਰਤ ਦੇ ਉਪ ਰਾਸ਼ਟਰਪਤੀ ਵੱਲੋਂ ਸਤਿਕਾਰਤ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਦੀ ਹਾਜਰੀ ਵਿਚ ਰੱਖਿਆ ਗਿਆ।

ਦੂਜੇ ਪਾਸੇ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਇਮਰਾਨ ਖਾਨ ਵੱਲੋਂ ਵੀ ਵੱਡੀ ਗਿਣਤੀ ਸੰਗਤਾਂ ਦੀ ਹਾਜ਼ਰੀ ਵਿਚ ਲਾਂਘੇ ਲਈ ਬਨਣ ਵਾਲੇ ਕੋਰੀਡੋਰ ਦਾ ਨੀਂਹ ਸ੍ਰੀ ਕਰਤਾਰਪੁਰ ਸਾਹਿਬ ਦੀ ਪਾਵਨ ਧਰਤੀ ਤੇ ਰੱਖਿਆ ਗਿਆ। ਇਸ ਪਾਵਨ ਮੌਕੇ ਤੇ ਪਾਕਿਸਤਾਨ ਸਰਕਾਰ ਦੇ ਵਿਸ਼ੇਸ ਸੱਦੇ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸ. ਨਵਜੋਤ ਸਿੰਘ ਸਿਧੂ ਅਤੇ ਸ. ਗੁਰਜੀਤ ਸਿੰਘ ਔਜਲਾ ਐਮ.ਪੀ. ਵੀ ਵਿਸ਼ੇਸ ਤੌਰ ਤੇ ਪਹੁੰਚੇ। ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਾਲ ਸਾਬਕਾ ਮੈਂਬਰ ਜਥੇਦਾਰ ਉਦੇ ਸਿੰਘ ਲੌਂਗੋਵਾਲ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਵੀ ਸਮਾਗਮ ਵਿਚ ਹਾਜ਼ਰ ਹੋਏ।

### ਵਾਹਗਾ ਪਹੁੰਚਣ 'ਤੇ ਭਾਈ ਲੌਂਗੋਵਾਲ ਦਾ ਨਿੱਘਾ ਸਵਾਗਤ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਟਾਰੀ ਵਾਹਗਾ ਸਰਹੱਦ ਦੇ ਸੜਕੀ ਰਸਤੇ ਰਾਹੀਂ ਪਾਕਿਸਤਾਨ ਗਏ। ਉਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਉਦੇ ਸਿੰਘ ਲੌਂਗੋਵਾਲ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਵੀ ਪਾਕਿਸਤਾਨ ਗਏ। ਅਟਾਰੀ ਸਰਹੱਦ ਤੋਂ ਵਾਹਗਾ ਪਹੁੰਚਣ 'ਤੇ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਬਿਸ਼ਨ ਸਿੰਘ, ਸਿੱਖ ਆਗੂ ਸ. ਸਰਬੱਤ ਸਿੰਘ, ਸ. ਜਸਵਿੰਦਰ ਸਿੰਘ, ਸ. ਗੁਰਵਿੰਦਰ ਸਿੰਘ ਤੋਂ ਇਲਾਵਾ ਸ੍ਰੀ ਨਨਕਾਣਾ ਸਾਹਿਬ ਤੋਂ ਪਹੁੰਚੇ ਰਾਇ ਬੁਲਾਰ ਜੀ ਦੇ ਪਰਿਵਾਰਕ ਮੈਂਬਰ ਰਾਇ ਭੱਟੀ ਨੇ ਜੋਸ਼ੋ-ਖਰੋਸ਼ ਨਾਲ ਭਾਈ ਲੌਂਗੋਵਾਲ ਦਾ ਸਵਾਗਤ ਕੀਤਾ ਅਤੇ ਫੁੱਲਾਂ ਦੇ ਗੁਲਦਸਤੇ ਭੇਟ ਕੀਤੇ।



## ਭਾਈ ਲੌਂਗੋਵਾਲ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਤੇ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਵਿਖੇ ਹੋਏ ਨਤਮਸਤਕ

ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਲਾਂਘੇ ਸਬੰਧੀ ਨੀਂਹ ਪੱਥਰ ਸਮਾਗਮ 'ਚ ਸ਼ਾਮਲ ਹੋਣ ਲਈ ਪਾਕਿਸਤਾਨ ਗਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਉਨ੍ਹਾਂ ਨੇ ਗੁਰੂ ਦੇ ਪਾਵਨ ਅਸਥਾਨ 'ਤੇ ਚੰਦੋਆ ਸਾਹਿਬ ਦਾ ਸੈੱਟ ਅਤੇ ਰੁਮਾਲਾ ਸਾਹਿਬ ਭੇਟ ਕਰਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸਰਵਣ ਕਰਾਉਣ ਦੀ ਸੇਵਾ ਵੀ ਕੀਤੀ। ਉਨ੍ਹਾਂ ਗੁਰਦੁਆਰਾ ਸਾਹਿਬਾਨ ਨੂੰ ਮਹੰਤਾਂ ਤੋਂ ਅਜ਼ਾਦ ਕਰਵਾਉਣ ਸਮੇਂ ਉਹ ਇਤਿਹਾਸਕ ਅਸਥਾਨ ਜਿਥੇ ਭਾਈ ਲਛਮਣ ਸਿੰਘ ਧਾਰੋਵਾਲੀ ਨੂੰ ਜੰਡ ਨਾਲ ਬੰਨ੍ਹ ਕੇ ਸ਼ਹੀਦ ਕੀਤਾ ਗਿਆ ਸੀ ਦੇ ਦਰਸ਼ਨ ਵੀ ਕੀਤੇ। ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਆਪਣੇ ਸਾਥੀਆਂ ਸਮੇਤ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਲਾਹੌਰ, ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਤੇ ਗੁਰਦੁਆਰਾ ਸੱਚਾ ਸੌਦਾ ਚੂਹੜਕਾਣਾ ਸਾਹਿਬ ਵਿਖੇ ਵੀ ਨਤਮਸਤਕ ਹੋਣ ਗਏ। ਭਾਈ ਲੌਂਗੋਵਾਲ ਨੇ ਹਰ ਗੁਰਦੁਆਰਾ ਸਾਹਿਬ ਵਿਖੇ ਰੁਮਾਲਾ ਸਾਹਿਬ ਦਾ ਸੈੱਟ ਭੇਟ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਉਦੇ ਸਿੰਘ ਲੌਂਗੋਵਾਲ, ਮੈਂਬਰ ਪਾਰਲੀਮੈਂਟ ਸ. ਗੁਰਜੀਤ ਸਿੰਘ ਔਜਲਾ ਅਤੇ ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਵੀ ਮੌਜੂਦ ਸਨ। ਉਨ੍ਹਾਂ ਦੱਸਿਆ ਕਿ ਭਾਈ ਲੌਂਗੋਵਾਲ ਸਮੇਤ ਸ਼੍ਰੋਮਣੀ ਕਮੇਟੀ ਦੇ ਨੁਮਾਇੰਦੇ ਬੀਤੇ ਕੱਲ੍ਹ ਨੀਂਹ ਪੱਥਰ ਸਮਾਗਮ 'ਚ ਸ਼ਾਮਲ ਹੋਏ ਸਨ, ਜਿਥੇ ਉਨ੍ਹਾਂ ਨੂੰ ਪਾਕਿਸਤਾਨ ਸਰਕਾਰ ਵੱਲੋਂ ਭਰਵਾਂ ਮਾਣ ਸਤਿਕਾਰ ਦਿੱਤਾ ਗਿਆ। ਭਾਈ ਲੌਂਗੋਵਾਲ ਨੂੰ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਜਨਾਬ ਇਮਰਾਨ ਖਾਨ ਨੇ ਨੀਂਹ ਪੱਥਰ ਰੱਖਣ ਸਮੇਂ ਪੂਰਾ ਸਤਿਕਾਰ ਦਿੱਤਾ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਵਿਚ ਸ਼ਾਮਲ ਕੀਤਾ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਪਹਿਲੀ ਕਤਾਰ ਦੇ ਆਗੂਆਂ ਵਿਚ ਸ਼ਾਮਲ ਰੱਖੇ ਗਏ। ਸ. ਬੇਦੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੂੰ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਓਕਾਫ਼ ਬੋਰਡ ਦੇ ਆਗੂਆਂ ਨੇ ਬੇਹੱਦ ਸਤਿਕਾਰ ਦਿੱਤਾ ਹੈ ਅਤੇ ਪਾਕਿਸਤਾਨ ਦੇ ਸਿੱਖ ਆਗੂਆਂ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਪਾਕਿਸਤਾਨ ਆਉਣ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਬੁਲਾਰੇ ਅਨੁਸਾਰ ਭਾਈ ਲੌਂਗੋਵਾਲ ਦੇ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਅਤੇ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਪੁੱਜਣ 'ਤੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ ਗਏ। ਉਨ੍ਹਾਂ ਦੱਸਿਆ ਕਿ ਸ੍ਰੀ ਨਨਕਾਣਾ ਸਾਹਿਬ ਵਿਖੇ ਭਾਈ ਲੌਂਗੋਵਾਲ ਦਾ ਸਵਾਗਤ ਅਤੇ ਸਨਮਾਨ ਕਰਨ ਵਾਲਿਆਂ ਵਿਚ ਹੈੱਡ ਗ੍ਰੰਥੀ ਭਾਈ ਦਇਆ ਸਿੰਘ, ਭਾਈ ਪ੍ਰੇਮ ਸਿੰਘ, ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਮਨਿੰਦਰ ਸਿੰਘ, ਸ. ਕਿਰਪਾ ਸਿੰਘ, ਸ. ਭੁਪਿੰਦਰ ਸਿੰਘ, ਸ. ਪ੍ਰੀਤਮ ਸਿੰਘ, ਮਹਾਨ ਸ਼ਖ਼ਸੀਅਤ ਸ੍ਰੀ ਰਾਇ ਬੁਲਾਰ ਦੀ ਵੰਸ਼ ਵਿੱਚੋਂ ਰਾਏ ਸਲੀਮ ਭੱਟੀ, ਰਾਏ ਅਕਰਮ ਭੱਟੀ, ਰਾਏ ਹਰੂਨ ਭੱਟੀ, ਰਾਏ ਬਿਲਾਲ ਭੱਟੀ, ਆਦਿ ਮੌਜੂਦ ਸਨ।



# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਛੇਵੀਂ ਅਰਧ-ਸ਼ਤਾਬਦੀ

ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਤੋਂ ਬਾਅਦ ਦੇਸ਼ ਵਿਚ ਇਤਿਹਾਸਕ ਸ਼ਹਿਰ ਸੁਲਤਾਨਪੁਰ ਲੋਧੀ ਹੀ ਇਕ ਵਿਲੱਖਣ ਅਸਥਾਨ ਹੈ, ਜਿਥੇ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਜੀਵਨ ਦੇ 14 ਸਾਲ 9 ਮਹੀਨੇ 13 ਦਿਨ ਗੁਜ਼ਾਰੇ ਇਥੋਂ ਹੀ ਉਨ੍ਹਾਂ ਲੋਕਾਈ ਨੂੰ 'ਨਾ ਹਮ ਹਿੰਦੂ, ਨ ਮੁਸਲਮਾਨ' ਦਾ ਸੰਦੇਸ਼ ਦਿੱਤਾ। ਆਪਣੇ ਜੀਵਨ ਕਾਲ ਦੌਰਾਨ ਗੁਰੂ ਜੀ ਨੇ ਵੇਈਂ ਵਿਚ ਟੁੱਭੀ ਮਾਰੀ ਤੇ 'ਧੁਰ ਕੀ ਬਾਣੀ' ਦਾ ਉਚਾਰਨ ਕੀਤਾ ਹੁਣ ਏਥੇ ਗੁਰਦੁਆਰਾ ਸੰਤਘਾਟ ਸਸ਼ੋਭਤ ਹੈ। ਨਵੰਬਰ 2019 ਵਿਚ ਆ ਰਹੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਆਰੰਭਤਾ ਸੁਲਤਾਨਪੁਰ ਲੋਧੀ ਦੀ ਇਸੇ ਪਾਵਨ ਧਰਤੀ ਤੋਂ ਕੀਤੀ ਜਾ ਚੁੱਕੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਦੀ ਛੇਵੀਂ ਅਰਧ ਸ਼ਤਾਬਦੀ ਸਦੀਵੀ ਤੌਰ 'ਤੇ ਯਾਦਗਾਰੀ ਬਨਾਉਣ ਲਈ ਵੱਖ-ਵੱਖ ਪ੍ਰੋਗਰਾਮ ਉਲੀਕੇ ਗਏ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸ਼ਤਾਬਦੀ ਸਮਾਗਮ ਸਮੁੱਚੀ ਕੌਮ ਵੱਲੋਂ ਇਕੱਠੇ ਹੋ ਕੇ ਮਨਾਉਣ ਲਈ ਸੁਹਿਰਦ ਜਤਨ ਕੀਤੇ ਜਾ ਰਹੇ ਹਨ। ਸ਼੍ਰੋਮਣੀ ਕਮੇਟੀ ਦਾ ਜਤਨ ਹੈ ਕਿ ਸਮੁੱਚੀਆਂ ਧਿਰਾਂ ਇੱਕੋ ਸਟੇਜ ਤੇ ਇੱਕਠੀਆਂ ਹੋ ਕੇ ਗੁਰੂ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਮਨਾਉਣ। ਏਸੇ ਸੰਦਰਭ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਆਕਾਰ ਦੇ ਸੋਨੇ ਤੇ ਚਾਂਦੀ ਦੇ ਚਾਰ ਵਿਸ਼ੇਸ਼ ਸਿੱਕੇ ਤਿਆਰ ਕਰਵਾਏ ਗਏ ਜਿਨ੍ਹਾਂ ਨੂੰ 23 ਨਵੰਬਰ ਨੂੰ ਸੁਲਤਾਨਪੁਰ ਲੋਧੀ ਵਿਖੇ ਪ੍ਰਮੁੱਖ ਸ਼ਖ਼ਸੀਅਤਾਂ ਵਲੋਂ ਜਾਰੀ ਕੀਤਾ ਗਿਆ ਤਾਂ ਕਿ ਸੰਗਤਾਂ ਇਨਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੰਭਾਲ ਕੇ ਰੱਖ ਸਕਣ। ਇਨ੍ਹਾਂ ਸਿੱਕਿਆਂ ਵਿਚ 24 ਕੈਰੇਟ ਸ਼ੁੱਧ ਸੋਨੇ ਦੇ 5 ਤੇ 10 ਗ੍ਰਾਮ ਦੇ ਸਿੱਕੇ ਅਤੇ ਚਾਂਦੀ ਦੇ 25 ਤੇ 50 ਗ੍ਰਾਮ ਦੇ ਵਿਸ਼ੇਸ਼ ਸਿੱਕੇ ਸ਼ਾਮਿਲ ਹਨ। ਇਨ੍ਹਾਂ ਸਿੱਕਿਆਂ 'ਤੇ 'ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧੁ ਜਗਿ ਚਾਨਣੁ ਹੋਆ' (1469-2019)। ਗੁਰਦੁਆਰਾ ਜਨਮ ਅਸਥਾਨ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਪਾਵਨ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਦੀ ਤਸਵੀਰ ਸਮੇਤ ਸ਼੍ਰੋਮਣੀ ਕਮੇਟੀ ਦੀ ਸੀਲ ਲਗਾਈ ਗਈ ਹੈ। 'ਜਾਹਰ ਪੀਰ ਜਗਤੁ ਗੁਰੁ ਬਾਬਾ' ਤੇ ਗੁਰਦੁਆਰਾ ਸਾਹਿਬ ਸੁਲਤਾਨਪੁਰ ਲੋਧੀ ਪੰਜਾਬ ਦੀ ਤਸਵੀਰ ਇਸੇ ਤਰ੍ਹਾਂ ਚਾਂਦੀ ਦੇ ਸਿੱਕਿਆਂ 'ਤੇ ਦਰਜ ਹੈ।

ਇਸ ਦੇ ਨਾਲ ਹੀ ਗੁਰੂ ਸਾਹਿਬ ਦੇ ਜੀਵਨ ਤੇ ਫਲਸਫ਼ੇ ਸਬੰਧੀ ਤਿਆਰ ਕੀਤੀ ਵਿਸ਼ੇਸ਼ ਪੁਸਤਕ ਵੀ ਸੰਗਤ ਅਰਪਿਤ ਕੀਤੀ ਗਈ। ਸ਼੍ਰੋਮਣੀ ਕਮੇਟੀ ਵਲੋਂ ਪੰਜਾਬੀ, ਅੰਗਰੇਜ਼ੀ ਤੇ ਹਿੰਦੀ ਭਾਸ਼ਾਵਾਂ 'ਚ 'ਗੁਰੂ ਨਾਨਕ ਦੇਵ ਜੀ: ਦਾ ਫਾਊਂਡਰ ਆਫ ਸਿੱਖ ਰਿਲੀਜ਼ਨ' ਅਤੇ 'ਗੁਰੂ ਨਾਨਕ ਐਂਡ ਹਿਜ਼ ਮਿਸ਼ਨ' ਕਿਤਾਬਚੇ, ਜਿਨ੍ਹਾਂ ਦੇ ਲੇਖਕ ਡਾ: ਹਰਨਾਮ ਸਿੰਘ ਸ਼ਾਨ ਤੇ ਪ੍ਰਿੰ: ਤੇਜਾ ਸਿੰਘ ਹਨ, ਵੱਡੀ ਗਿਣਤੀ ਵਿਚ ਪ੍ਰਕਾਸ਼ਤਿ ਕਰਵਾਏ ਗਏ ਹਨ ਜੋ ਸੰਗਤਾਂ ਵਿਚ ਵੰਡੇ ਜਾ ਰਹੇ ਹਨ।

ਗੁਰਦੁਆਰਾ ਸੰਤ ਘਾਟ ਨੇੜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਛੇਵੀਂ ਅਰਧ ਸ਼ਤਾਬਦੀ ਦੇ ਸਮਾਗਮਾਂ ਤੋਂ ਪਹਿਲਾਂ 'ਮੂਲ ਮੰਤਰ ਅਸਥਾਨ' ਦੀ ਇਮਾਰਤ ਬਣਾਈ ਜਾ ਰਹੀ ਹੈ। ਗੁਰਦੁਆਰਾ ਸ੍ਰੀ ਸੰਤ ਘਾਟ ਦੇ ਪਿਛਲੇ ਪਾਸਿਓਂ ਲੰਘਦੀ ਵੇਈਂ ਨਦੀ ਜੋ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਨਾਲ ਵਿਸ਼ੇਸ਼ ਸਬੰਧ ਰੱਖਦੀ ਹੈ, ਨੇੜੇ ਇਸ ਪਵਿੱਤਰ ਅਸਥਾਨ ਦੀ ਸਥਾਪਤੀ ਲਈ ਜਗ੍ਹਾ ਦੀ ਚੋਣ ਕੀਤੀ ਗਈ ਹੈ। ਮੂਲ ਮੰਤਰ ਅਸਥਾਨ ਦੀ ਸੇਵਾ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ (ਯੂ.ਕੇ.) ਦੇ ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਜੀ ਨੂੰ ਸੌਂਪੀ ਗਈ ਹੈ। ਵਰਤਮਾਨ ਆਧੁਨਿਕ ਤਕਨੀਕ ਨਾਲ ਤਿਆਰ ਕੀਤਾ ਜਾ ਰਿਹਾ ਇਹ ਅਸਥਾਨ ਆਪਣੀ ਕਿਸਮ ਦਾ ਵਿਲੱਖਣ ਅਜੂਬਾ ਹੋਵੇਗਾ ਤੇ ਇਥੇ ਆਉਣ ਵਾਲੀਆਂ ਸੰਗਤਾਂ ਗੁਰੂ ਜੀ ਦੇ ਜੀਵਨ ਇਤਿਹਾਸ, ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਮੁਕੰਮਲ ਜਾਣਕਾਰੀ ਪ੍ਰਾਪਤ ਕਰ ਸਕਣਗੀਆਂ। ਇਸ ਵਿਚ ਪਹਿਲੇ ਪਾਤਸ਼ਾਹ ਵਲੋਂ ਇਤਿਹਾਸਕ ਸ਼ਹਿਰ ਸੁਲਤਾਨਪੁਰ ਲੋਧੀ ਤੋਂ ਕੀਤੀਆਂ ਚਾਰ ਉਦਾਸੀਆਂ ਦੇ ਇਤਿਹਾਸ ਨੂੰ ਵਿਸ਼ੇਸ਼ ਤੌਰ 'ਤੇ ਰੂਪਮਾਨ ਕੀਤਾ ਜਾਵੇਗਾ। 2 ਏਕੜ ਰਕਬੇ ਵਿਚ ਤਿਆਰ ਕੀਤੇ ਜਾਣ ਵਾਲੇ ਇਸ ਅਸਥਾਨ ਦੀਆਂ ਚਾਰ ਮੰਜ਼ਿਲਾਂ ਹੋਣਗੀਆਂ। ਹਰੇਕ ਮੰਜ਼ਿਲ ਦੀ ਉਚਾਈ 13 ਫੁੱਟ ਰੱਖੀ ਜਾ ਰਹੀ ਹੈ, ਪਰ ਧਰਾਤਲ ਮੰਜ਼ਿਲ ਦੀ ਉਚਾਈ 13x13 ਹੋਵੇਗੀ ਤੇ 13 ਹੀ ਡਾਟਾਂ ਹੋਣਗੀਆਂ। ਇਸ ਅਸਥਾਨ ਦੇ ਬਰਾਂਡਿਆਂ ਵਿਚ 13 ਫੁੱਟ ਚੌੜੀ ਜਗ੍ਹਾ ਬਣਾ ਕੇ ਉਸ ਵਿਚ ਪਾਣੀ ਦਿਖਾਇਆ ਜਾਵੇਗਾ, ਜਿਸ ਦਾ ਪ੍ਰਵਾਹ ਨਿਰੰਤਰ ਚੱਲੇਗਾ। ਇਸ ਅਸਥਾਨ ਦੇ ਅੰਦਰ 20 ਫੁੱਟ ਘੇਰੇ ਵਿਚ ਪਾਣੀ ਦਾ ਪ੍ਰਵਾਹ ਸੰਗਤ ਲਈ ਆਕਰਸ਼ਕ ਦ੍ਰਿਸ਼ ਪੇਸ਼ ਕਰੇਗਾ। ਇਸ ਪਾਣੀ ਦਾ ਪ੍ਰਬੰਧ ਵੀ ਵੇਈਂ ਨਦੀ ਵਿਚੋਂ ਹੀ ਕੀਤਾ ਜਾਵੇਗਾ ਤੇ ਪਾਣੀ ਦੀ ਵਾਪਸੀ ਵੀ ਵੇਈਂ ਵਿਚ ਹੀ ਹੋਵੇਗੀ। 16 ਗੈਲਰੀਆਂ ਵਾਲੇ ਇਸ ਅਦਭੁੱਤ ਅਸਥਾਨ ਦੇ ਵਿਚਕਾਰਲੇ ਘੇਰੇ ਨੂੰ ਉੱਪਰਲੀ ਮੰਜ਼ਿਲ ਖ਼ਾਲੀ ਰੱਖ ਕੇ ਉੱਪਰ ਤੋਂ ਹੇਠਾਂ ਤੱਕ ਵਿਸ਼ੇਸ਼ ਲਾਈਟਾਂ ਰਾਹੀਂ ਖ਼ੂਬਸੂਰਤ ਦਿੱਖ ਦਿੱਤੀ ਜਾਵੇਗੀ। ਇਹ ਅਸਥਾਨ ਦੇਖਣ ਆਉਣ ਵਾਲੀ ਸੰਗਤ ਦੀ ਸਹੂਲਤ ਲਈ ਦੋ ਪੌੜੀਆਂ ਤੇ ਇਕ ਲਿਫ਼ਟ ਦੀ ਵਿਵਸਥਾ ਕੀਤੀ ਜਾਵੇਗੀ। ਇਸ ਅਸਥਾਨ ਦੇ ਚੌਗਿਰਦੇ ਨੂੰ ਹਰਿਆ-ਭਰਿਆ ਬਣਾਉਣ ਲਈ ਖ਼ੂਬਸੂਰਤ ਬਾਗ਼ ਤਿਆਰ ਕਰਕੇ ਉਸ ਵਿਚੋਂ ਯਾਦਗਾਰੀ ਅਸਥਾਨ ਤੱਕ 13 ਰਸਤੇ ਬਣਾਏ ਜਾਣਗੇ।

ਜਿਥੇ ਸ਼੍ਰੋਮਣੀ ਕਮੇਟੀ ਨੇ ਆਪਣੇ ਪ੍ਰੋਗਰਾਮ ਉਲੀਕੇ ਹਨ ਉਥੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਵੀ ਸ਼ਤਾਬਦੀ ਸਬੰਧੀ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ। ਗੁਰਦੁਆਰਾ ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਦਰਸ਼ਨ ਦਿਦਾਰਿਆਂ ਲਈ ਡੇਰਾ ਬਾਬਾ ਨਾਨਕ ਤੋਂ ਲਾਂਘਾ ਬਨਾਉਣ ਦਾ ਫੈਸਲਾ ਅਤੇ ਭਾਰਤ, ਪਾਕਿਸਤਾਨ ਸਰਕਾਰਾਂ ਵੱਲੋਂ ਭਰੀ ਗਈ ਹਾਮੀ ਸਿੱਖ ਸੰਗਤਾਂ ਲਈ ਇਕ ਵੱਡਾ ਤੋਹਫਾ ਹੈ। ਇਸ ਕਾਰਜ਼ ਦੀ ਅਰੰਭਤਾ ਲਈ ਦੋਵਾਂ ਸਰਕਾਰਾਂ ਵੱਲੋਂ ਨੀਂਹ ਪੱਥਰ ਵੀ ਰੱਖੇ ਜਾ ਚੁੱਕੇ ਹਨ। ਭਾਰਤ ਸਰਕਾਰ ਵੱਲੋਂ ਸੁਲਤਾਨਪੁਰ ਲੋਧੀ ਨੂੰ ਵਿਰਾਸਤੀ ਸ਼ਹਿਰ ਵਜੋਂ ਵਿਕਸਿਤ ਕਰਨ ਤੋਂ ਇਲਾਵਾ ਸੁਲਤਾਨਪੁਰ ਲੋਧੀ 'ਚ ਹੀ ਤਕਰੀਬਨ 100 ਏਕੜ ਰਕਬੇ 'ਚ ਪਿੰਡ ਵਿਕਸਿਤ ਕੀਤਾ ਜਾਵੇਗਾ, ਜਿਸ ਨੂੰ 'ਪਿੰਡ ਬਾਬੇ ਨਾਨਕ ਦਾ' ਦਾ ਨਾਂਅ ਦਿੱਤਾ ਜਾਵੇਗਾ। ਇਹ ਫੈਸਲਾ 2019 'ਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਵੱਡੀ ਪੱਧਰ 'ਤੇ ਮਨਾਉਣ ਲਈ ਗਠਿਤ ਕੀਤੀ ਗਈ ਰਾਸ਼ਟਰੀ ਅਮਲ ਕਮੇਟੀ ਦੀ ਮੀਟਿੰਗ 'ਚ ਲਿਆ ਗਿਆ। ਇਸੇ ਤਰ੍ਹਾਂ ਕੇਂਦਰ ਸਰਕਾਰ ਵੱਲੋਂ ਇਨ੍ਹਾਂ ਪ੍ਰੋਗਰਾਮਾਂ ਤਹਿਤ ਯਾਦਗਾਰੀ ਸਿੱਕੇ, ਡਾਕ ਟਿਕਟਾਂ ਜਾਰੀ ਕਰਨ, ਵਿਸ਼ੇਸ਼ ਰੇਲ ਗੱਡੀਆਂ ਚਲਾਉਣ, ਅੰਤਰਰਾਸ਼ਟਰੀ ਪੱਧਰ 'ਤੇ ਵਿੱਦਿਅਕ ਸੈਮੀਨਾਰ ਕਰਵਾਉਣ ਆਦਿ ਦੇ ਪ੍ਰੋਗਰਾਮ ਉਲੀਕੇ ਜਾ ਰਹੇ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਬਾਰੇ ਦੂਰਦਰਸ਼ਨ, ਲੋਕ ਸਭਾ ਤੇ ਰਾਜ ਸਭਾ ਟੀ.ਵੀ. ਚੈਨਲਾਂ 'ਤੇ ਵਿਸ਼ੇਸ ਪ੍ਰੋਗਰਾਮ ਅਤੇ ਗੁਰਬਾਣੀ ਕੀਰਤਨ ਦੇ ਪ੍ਰੋਗਰਾਮਾਂ ਦਾ ਵੀ ਸਿੱਧਾ ਪ੍ਰਸਾਰਨ ਕੀਤਾ ਜਾਵੇਗਾ।

ਕੇਂਦਰ ਸਰਕਾਰ, ਪੰਜਾਬ ਸਰਕਾਰ ਨੂੰ ਅੰਤਰ ਧਰਮ ਅਧਿਐਨ ਬਾਰੇ ਰਾਸ਼ਟਰੀ ਸੰਸਥਾ ਸਥਾਪਤ ਕਰਨ ਲਈ ਮੁਫ਼ਤ ਜ਼ਮੀਨ ਵੀ ਮੁਹੱਈਆ ਕਰਵਾਏਗੀ, ਜਿਸ 'ਚ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ 'ਤੇ ਆਧਾਰਿਤ ਫ਼ਿਰਕੂ ਸੁਹਿਰਦਤਾ ਦਾ ਸੁਨੇਹਾ ਦਿੱਤਾ ਜਾਵੇਗਾ। ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵਿਖੇ ਅੰਤਰ ਧਰਮ ਕੇਂਦਰ ਵਿਕਸਤ ਕਰਨ ਨੂੰ ਵੀ ਕੇਂਦਰ ਸਰਕਾਰ ਨੇ ਪ੍ਰਵਾਨਗੀ ਦਿੱਤੀ ਹੈ। ਸਮਾਗਮਾਂ ਨੂੰ ਦੇਸ਼ ਭਰ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮਨਾਉਣ ਲਈ ਵੀ ਕੇਂਦਰ ਨੇ ਵਿਦੇਸ਼ਾਂ 'ਚ ਭਾਰਤੀ ਦੂਤਘਰਾਂ ਨੂੰ ਪ੍ਰੋਗਰਾਮ ਕਰਨ ਦੀ ਤਾਕੀਦ ਕੀਤੀ ਹੈ, ਨਾਲ ਹੀ ਹੋਰਨਾਂ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਇਨ੍ਹਾਂ ਸਮਾਗਮਾਂ ਦਾ ਹਿੱਸਾ ਬਣਾਉਣ ਲਈ ਕੇਂਦਰ ਦਾ ਸੱਭਿਆਚਾਰ ਬਾਰੇ ਮੰਤਰਾਲਾ ਸੂਬਾ ਸਰਕਾਰਾਂ ਤੱਕ ਪਹੁੰਚ ਕਰੇਗਾ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਸਿਖਿਆਵਾਂ ਉਪਰ ਇਕ ਵਿਸ਼ੇਸ ਸੈਮੀਨਾਰ ਨਵੀਂ ਦਿੱਲੀ ਵਿਖੇ ਕਰਵਾਉਣ ਦਾ ਵੀ ਪ੍ਰੋਗਰਾਮ ਉਲੀਕਿਆ ਗਿਆ ਹੈ। ਗੁਰਬਾਣੀ ਦਾ ਪਸਾਰ ਹੋਰ ਭਾਸ਼ਾਵਾਂ 'ਚ ਕਰਨ ਲਈ ਰਾਸ਼ਟਰੀ ਬੁੱਕ ਟਰੱਸਟ ਵਲੋਂ ਵੱਖ-ਵੱਖ ਭਸ਼ਾਵਾਂ 'ਚ ਗੁਰਬਾਣੀ ਦਾ ਪ੍ਰਕਾਸ਼ਨ ਕੀਤਾ ਜਾਵੇਗਾ। ਯੂਨੈਸਕੋ ਵਲੋਂ ਵੀ ਗੁਰੂ ਜੀ ਦੀਆਂ ਸਿੱਖਿਆਵਾਂ ਦਾ ਅੰਤਰਰਾਸ਼ਟਰੀ ਭਾਸ਼ਾਵਾਂ 'ਚ ਅਨੁਵਾਦ ਕੀਤਾ ਜਾਵੇਗਾ। ਗੁਰੂ ਨਾਨਕ ਦੇਵ ਜੀ ਦੇ ਨਾਂਅ 'ਤੇ ਯੂ.ਕੇ. ਤੇ ਕੈਨੇਡਾ ਦੀਆਂ ਯੂਨੀਵਰਸਿਟੀਆਂ 'ਚ ਚੇਅਰਾਂ ਸਥਾਪਤ ਕੀਤੇ ਜਾਣ ਦਾ ਪ੍ਰੋਗਰਾਮ ਵੀ ਉਲੀਕਆ ਗਿਆ ਹੈ। ਇਨ੍ਹਾਂ ਪ੍ਰੋਗਰਾਮਾਂ ਦਾ ਕੈਲੰਡਰ ਤਿਆਰ ਕਰਨ ਦੀ ਜਿੰਮੇਵਾਰੀ ਸਿੱਖ ਪੰਥ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਦਿੱਤੀ ਗਈ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਦੀ ਛੇਵੀਂ ਅਰਧ ਸ਼ਤਾਬਦੀ ਦੇ ਰੂਪ ਵਿਚ ਆ ਰਹੇ ਇਸ ਇਤਿਹਾਸਕ ਦਿਹਾੜੇ ਨੂੰ ਯਾਦਗਾਰੀ ਬਨਾਉਣ ਲਈ ਸਾਨੂੰ ਸਾਰਿਆਂ ਨੂੰ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਜੋ ਗੁਰੂ ਸਾਹਿਬ ਦੀਆਂ ਸਿਖਿਆਵਾਂ ਨੂੰ ਘਰ-ਘਰ ਪਹੁੰਚਾਇਆ ਜਾ ਸਕੇ।

**-ਦਿਲਜੀਤ ਸਿੰਘ ਬੇਦੀ**



ਗੁਰਦੁਆਰਾ ਸ੍ਰੀ ਬੇਰ ਸਾਹਿਬ (ਸੁਲਤਾਨਪੁਰ ਲੋਧੀ)



ਸੁਲਤਾਨਪੁਰ ਲੋਧੀ ਵਿਖੇ ਬਣਾਏ ਜਾਣ ਵਾਲੇ 'ਮੂਲ ਮੰਤਰ ਅਸਥਾਨ' ਦਾ ਖ਼ੂਬਸੂਰਤ ਮਾਡਲ

ਮੁੱਖ ਸੰਪਾਦਕ:
ਦਿਲਜੀਤ ਸਿੰਘ ਬੇਦੀ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।

# ਸ਼੍ਰੋਮਣੀ ਕਮੇਟੀ ਦੇ ਮੁੜ ਪ੍ਰਧਾਨ ਬਣੇ ਭਾਈ ਗੋਬਿੰਦ ਸਿੰਘ ਲੌਂਗੋਵਾਲ

## ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ, ਸ. ਬਿੱਕਰ ਸਿੰਘ ਚੰਨੂ ਜੂਨੀਅਰ ਮੀਤ ਪ੍ਰਧਾਨ ਤੇ ਸ. ਗੁਰਬਚਨ ਸਿੰਘ ਕਰਮੂੰਵਾਲਾ ਨੂੰ ਜਨਰਲ ਸਕੱਤਰ ਚੁਣਿਆ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸਾਲਾਨਾ ਜਨਰਲ ਇਜਲਾਸ ਦੌਰਾਨ ਹਾਜ਼ਰ ਹੋਏ 153 ਮੈਂਬਰਾਂ ਨੇ ਸਰਬਸੰਮਤੀ ਨਾਲ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸ਼੍ਰੋਮਣੀ ਕਮੇਟੀ ਦੇ ਮੁੜ ਪ੍ਰਧਾਨ ਚੁਣ ਲਿਆ। ਜਨਰਲ ਇਜਲਾਸ ਦੀ ਆਰੰਭਤਾ ਸਮੇਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਅਰਦਾਸ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਲਿਆ। ਜਨਰਲ ਹਾਊਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਤੋਂ ਇਲਾਵਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਇਕਬਾਲ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਵੀ ਮੌਜੂਦ ਸਨ। ਜਨਰਲ ਇਜਲਾਸ ਦੀ ਕਾਰਵਾਈ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਜਨਰਲ ਇਜਲਾਸ ਸਬੰਧੀ ਜਾਰੀ ਪੱਤਰ ਪੜ੍ਹ ਕੇ ਆਰੰਭ ਕੀਤੀ, ਜਦਕਿ ਜਿਸ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਬੀਤੇ ਸਮੇਂ ਚਲਾਣਾ ਕਰ ਗਏ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਕੁਲਦੀਪ ਸਿੰਘ ਵਡਾਲਾ, ਬਾਬਾ ਸੁਖਚੈਨ ਸਿੰਘ ਧਰਮਪੁਰਾ ਅਤੇ ਜਥੇਦਾਰ ਲਾਭ ਸਿੰਘ ਦੇਵੀ ਨਗਰ ਸਬੰਧੀ ਸ਼ੋਕ ਮਤੇ ਪੜ੍ਹੇ।

ਇਸ ਉਪਰੰਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪ੍ਰਧਾਨਗੀ ਪਦ ਲਈ ਨਾਮ ਦੀ ਮੰਗ ਕੀਤੀ ਜਿਸ 'ਤੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜਗੀਰ ਕੌਰ ਨੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਨਾਮ ਪੇਸ਼ ਕੀਤਾ। ਉਨ੍ਹਾਂ ਦੇ ਨਾਮ ਦੀ ਤਾਈਦ ਜਥੇਦਾਰ ਅਵਤਾਰ ਸਿੰਘ ਮੱਕੜ ਅਤੇ ਤਾਈਦ ਮਜੀਦ ਸ. ਅਲਵਿੰਦਰਪਾਲ ਸਿੰਘ ਪੱਖੋਕੇ ਨੇ ਕੀਤੀ। ਕੋਈ ਹੋਰ ਨਾਮ ਪੇਸ਼ ਨਾ ਹੋਣ 'ਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਰਬਸੰਮਤੀ ਨਾਲ ਸ਼੍ਰੋਮਣੀ ਕਮੇਟੀ ਦੇ ਅਗਲੇ ਪ੍ਰਧਾਨ ਬਣ ਗਏ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਦੇ ਪਦ ਲਈ ਸ. ਰਘੂਜੀਤ ਸਿੰਘ ਵਿਰਕ ਨੂੰ ਚੁਣਿਆ ਗਿਆ, ਜਿਨ੍ਹਾਂ ਦਾ ਨਾਮ ਸ. ਗੁਰਮੇਲ ਸਿੰਘ ਸੰਗਤਪੁਰਾ ਨੇ ਪੇਸ਼ ਕੀਤਾ। ਉਨ੍ਹਾਂ ਦੇ ਨਾਮ ਦੀ ਤਈਦ ਸ. ਗੁਰਿੰਦਰਪਾਲ ਸਿੰਘ ਗੋਰਾ ਅਤੇ ਮਜੀਦ ਸ. ਨਵਤੇਜ ਸਿੰਘ ਕਾਉਣੀ ਨੇ ਕੀਤੀ। ਜੂਨੀਅਰ ਮੀਤ ਪ੍ਰਧਾਨ ਵਜੋਂ ਸ. ਬਿੱਕਰ ਸਿੰਘ ਚੰਨੂ ਨੂੰ ਚੁਣਿਆ ਗਿਆ। ਉਨ੍ਹਾਂ ਦਾ ਨਾਮ ਸ. ਗੁਰਪ੍ਰੀਤ ਸਿੰਘ ਝੱਬਰ ਨੇ ਪੇਸ਼ ਕੀਤਾ, ਤਈਦ ਮਜੀਦ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕੀਤੀ। ਇਸੇ ਤਰ੍ਹਾਂ ਜਨਰਲ ਸਕੱਤਰ ਦੇ ਪਦ ਲਈ ਸ. ਗੁਰਬਚਨ ਸਿੰਘ ਕਰਮੂੰਵਾਲਾ ਚੁਣੇ ਗਏ। ਉਨ੍ਹਾਂ ਦਾ ਨਾਮ ਭਾਈ ਮਨਜੀਤ ਸਿੰਘ ਨੇ ਪੇਸ਼ ਕੀਤਾ, ਤਾਈਦ ਸ. ਗੁਰਮੇਲ ਸਿੰਘ ਸੰਗਤਪੁਰਾ ਤਾਈਦ ਮਜੀਦ ਸ. ਪ੍ਰੀਤਮ ਸਿੰਘ ਮਲਸੀਆਂ ਨੇ ਕੀਤੀ। ਇਸ ਉਪਰੰਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਵਾਨਗੀ 'ਤੇ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਅੰਤ੍ਰਿੰਗ ਕਮੇਟੀ ਦੇ 11 ਮੈਂਬਰਾਂ ਦਾ ਨਾਂ ਪੇਸ਼ ਕੀਤਾ, ਜਿਨ੍ਹਾਂ ਨੂੰ ਹਾਜ਼ਰ ਮੈਂਬਰਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨ ਕੀਤਾ। ਅੰਤ੍ਰਿੰਗ ਕਮੇਟੀ ਦੇ ਚੁਣੇ ਗਏ ਇਨ੍ਹਾਂ ਮੈਂਬਰਾਂ ਵਿਚ ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਭਾਈ ਮਨਜੀਤ ਸਿੰਘ, ਸ. ਅਮਰੀਕ ਸਿੰਘ ਵਿਛੋਆ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਜਰਨੈਲ ਸਿੰਘ ਕਰਤਾਰਪੁਰ, ਸ. ਤਾਰਾ ਸਿੰਘ ਸੱਲਾ, ਸ. ਭੁਪਿੰਦਰ ਸਿੰਘ ਭਲਵਾਨ, ਸ. ਅਮਰੀਕ ਸਿੰਘ ਕੋਟ ਸ਼ਮੀਰ, ਬੀਬੀ ਜਸਵੀਰ ਕੌਰ ਜੱਫਰਵਾਲ ਤੇ ਸ. ਜਗਜੀਤ ਸਿੰਘ ਤਲਵੰਡੀ ਨੂੰ ਚੁਣਿਆ ਗਿਆ। ਅੰਤ੍ਰਿੰਗ ਕਮੇਟੀ ਮੈਂਬਰਾਂ ਦੇ ਨਾਂ ਦੀ ਤਾਈਦ ਸ. ਗੁਰਿੰਦਰਪਾਲ ਸਿੰਘ ਗੋਰਾ, ਤਾਈਦ ਮਜੀਦ ਸ. ਸੁਰਜੀਤ ਸਿੰਘ ਭਿੱਟੇਵਡ ਨੇ ਕੀਤੀ।

ਪ੍ਰਧਾਨ ਚੁਣੇ ਜਾਣ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਸੇਵਾ ਗੁਰੂ ਸਾਹਿਬ ਦੀ ਬਖਸ਼ਿਸ਼ ਸਦਕਾ ਪ੍ਰਾਪਤ ਹੋਈ ਹੈ, ਜਿਸਨੂੰ ਉਹ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਸ. ਪ੍ਰਕਾਸ਼ ਸਿੰਘ ਬਾਦਲ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਕਮੇਟੀ ਦੇ ਸਮੁੱਚੇ ਮੈਂਬਰਾਂ ਦਾ ਧੰਨਵਾਦ ਕੀਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਉਨ੍ਹਾਂ ਦੀ ਪਹਿਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਖ਼ਾਲਸਾਈ ਜਾਹੋ-ਜਲਾਲ ਨਾਲ ਮਨਾਉਣਾ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਵੱਧ ਤੋਂ ਵੱਧ ਪ੍ਰਚਾਰਨਾ ਹੈ। ਭਾਈ ਲੌਂਗੋਵਾਲ ਨੇ ਇਹ ਵੀ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਕਰਵਾਏ ਜਾਣ ਵਾਲੇ ਸਮਾਗਮਾਂ ਨੂੰ ਇਕ ਥਾਂ ਕਰਨ ਲਈ ਭਾਰਤ ਅਤੇ ਪੰਜਾਬ ਸਰਕਾਰ ਦੇ ਨਾਲ-ਨਾਲ ਸਮੁੱਚੀਆਂ ਪੰਥਕ ਧਿਰਾਂ ਨੂੰ ਵੀ ਅਪੀਲ ਕਰਨਗੇ। ਉਨ੍ਹਾਂ ਕਿਹਾ ਕਿ ਕੋਈ ਵੀ ਪਾਰਟੀ, ਧਿਰ ਜਾਂ ਸਰਕਾਰ ਹੋਵੇ ਸਭ ਨੂੰ ਰਲ-ਮਿਲ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣਾ ਚਾਹੀਦਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਕੌਮ ਨੂੰ ਦਰਪੇਸ਼ ਚੁਣੌਤੀਆਂ ਨੂੰ ਰਲ਼-ਮਿਲ਼ ਕੇ ਨਜਿੱਠਿਆ ਜਾਵੇਗਾ ਅਤੇ ਧਰਮ ਪ੍ਰਚਾਰ ਦੀ ਲਹਿਰ ਨੂੰ ਹੋਰ ਪ੍ਰਚੰਡ ਕੀਤਾ ਜਾਵੇਗਾ। ਉਨ੍ਹਾਂ ਆਖਿਆ ਕਿ ਧਰਮ ਪ੍ਰਚਾਰ ਲਹਿਰ ਤਹਿਤ ਆਰੰਭ ਕੀਤੇ ਗਏ ਪਹਿਲੇ ਕਾਰਜਾਂ ਨੂੰ ਜਾਰੀ ਰੱਖਣ ਦੇ ਨਾਲ-ਨਾਲ ਇਸ ਵਿਚ ਸਮੇਂ ਅਤੇ ਲੋੜ ਅਨੁਸਾਰ ਤਬਦੀਲੀਆਂ ਕਰਕੇ ਗੁਰੂ ਸਾਹਿਬਾਨ ਦਾ ਫ਼ਲਸਫ਼ਾ ਪ੍ਰਚਾਰਨ ਲਈ ਵੱਡੇ ਯਤਨ ਕੀਤੇ ਜਾਣਗੇ। ਉਨ੍ਹਾਂ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣੇ ਬੱਚਿਆਂ ਨੂੰ ਨੌਜੁਆਨਾਂ ਨੂੰ ਗੁਰਸਿੱਖੀ ਨਾਲ ਜੋੜਨ ਲਈ ਸ਼੍ਰੋਮਣੀ ਕਮੇਟੀ ਵੱਲੋਂ ਆਰੰਭ ਧਰਮ ਪ੍ਰਚਾਰ ਲਹਿਰ ਦਾ ਹਿੱਸਾ ਬਣਨ। ਸ਼੍ਰੋਮਣੀ ਕਮੇਟੀ ਮੈਂਬਰ ਸ. ਬਲਵਿੰਦਰ ਸਿੰਘ ਬੈਂਸ ਤੇ ਸ. ਮਹਿੰਦਰ ਸਿੰਘ ਹੁਸੈਨਪੁਰ ਦੇ ਹਾਊਸ 'ਚੋਂ ਚਲੇ ਜਾਣ ਸਬੰਧੀ ਸਵਾਲ ਦੇ ਜਵਾਬ ਵਿਚ ਭਾਈ ਲੌਂਗੋਵਾਲ ਨੇ ਕਿਹਾ ਕਿ ਹਾਊਸ ਦੀ ਇਕ ਮਰਿਯਾਦਾ ਹੈ ਅਤੇ ਉਸ ਅਨੁਸਾਰ ਹੀ ਕਿਸੇ ਨੂੰ ਬੋਲਣ ਦਾ ਹੱਕ ਦਿੱਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਹ ਦੋਵੇਂ ਮੈਂਬਰ ਆਰੰਭਤਾ ਦੌਰਾਨ ਸ਼ੋਕ ਮਤੇ ਪੜ੍ਹੇ ਜਾਣ ਸਮੇਂ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਸਬੰਧੀ ਮਤਾ ਲਿਆਉਣ ਦੀ ਮੰਗ ਕਰ ਰਹੇ ਸਨ, ਜਦਕਿ ਇਨ੍ਹਾਂ ਨੂੰ ਇਸ ਗੱਲ ਦਾ ਇਲਮ ਨਹੀਂ ਕਿ ਇਹ ਮਤੇ ਅਹੁਦੇਦਾਰਾਂ ਦੀ ਚੋਣ ਉਪਰੰਤ ਅਖ਼ੀਰ ਵਿਚ ਪੇਸ਼ ਕੀਤੇ ਜਾਂਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਬੈਂਸ ਅਤੇ ਹੁਸੈਨਪੁਰ ਨੇ ਹਾਊਸ 'ਚੋਂ ਬਾਹਰ ਜਾਣ ਸਮੇਂ ਨਾਅਰੇਬਾਜ਼ੀ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਦਬ-ਸਤਿਕਾਰ ਦਾ ਖ਼ਿਆਲ ਵੀ ਨਹੀਂ ਰੱਖਿਆ।

ਇਸ ਤੋਂ ਬਾਅਦ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਚੁਣੇ ਗਏ ਹੋਰ ਅਹੁਦੇਦਾਰਾਂ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਜਿਥੇ ਉਨ੍ਹਾਂ ਨੂੰ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ। ਉਹ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਵੀ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਲਈ ਗਏ। ਸ੍ਰੀ ਅਕਾਲ ਤਖਤ ਸਾਹਿਬ ਵਿਖੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਗਿਆਨੀ ਰਘਬੀਰ ਸਿੰਘ, ਗਿਆਨੀ ਇਕਬਾਲ ਸਿੰਘ ਅਤੇ ਗਿਆਨੀ ਮਲਕੀਤ ਸਿੰਘ ਨੇ ਸਾਂਝੇ ਤੌਰ 'ਤੇ ਭਾਈ ਲੌਂਗੋਵਾਲ ਅਤੇ ਹੋਰ ਅਹੁਦੇਦਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਦੇ ਜਨਰਲ ਹਾਊਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ 153 ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਪ੍ਰਧਾਨ ਸਮੇਤ ਸੀਨੀਅਰ ਮੀਤ ਪ੍ਰਧਾਨ, ਜੂਨੀਅਰ ਮੀਤ ਪ੍ਰਧਾਨ, ਜਨਰਲ ਸਕੱਤਰ ਅਤੇ 11 ਮੈਂਬਰੀ ਅੰਤ੍ਰਿੰਗ ਕਮੇਟੀ ਚੁਣੇ ਜਾਣ ਸਮੇਂ ਸਾਰੇ ਮੈਂਬਰਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨਗੀ ਦੇ ਕੇ ਇਕਜੁਟਤਾ ਦਾ ਪ੍ਰਗਟਾਵਾ ਕੀਤਾ। ਸਾਰੇ ਅਹੁਦੇਦਾਰਾਂ ਦੀ ਚੋਣ ਸਮੇਂ ਕੋਈ ਵੀ ਹੋਰ ਨਾਂ ਪੇਸ਼ ਨਾ ਹੋਣ ਕਾਰਨ ਸਾਰੀ ਚੋਣ ਪ੍ਰਕਿਰਿਆ ਸਰਬਸੰਮਤੀ ਨਾਲ ਨੇਪਰੇ ਚੜ੍ਹੀ।







1) ਇਜਲਾਸ ਦੀ ਕਾਰਵਾਈ ਆਰੰਭ ਕਰਦੇ ਹੋਏ ਮੁੱਖ ਸਕੱਤਰ ਡਾ. ਰੂਪ ਸਿੰਘ, ਪ੍ਰਧਾਨਗੀ ਪਦ ਲਈ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਨਾਮ ਪੇਸ਼ ਕਰਦੇ ਹੋਏ ਬੀਬੀ ਜਗੀਰ ਕੌਰ, ਤਈਦ ਕਰਦੇ ਹੋਏ ਜਥੇ. ਅਵਤਾਰ ਸਿੰਘ ਮੱਕੜ ਤੇ ਤਈਦ ਮਜੀਦ ਕਰਦੇ ਹੋਏ ਸ. ਅਲਵਿੰਦਰਪਾਲ ਸਿੰਘ ਪੱਖੋਕੇ। 2) ਪੇਸ਼ ਕੀਤੇ ਨਾਮ ਨੂੰ ਜੈਕਾਰੇ ਨਾਲ ਪ੍ਰਵਾਨਗੀ ਦਿੰਦੇ ਹੋਏ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ।



ਸ. ਰਘੂਜੀਤ ਸਿੰਘ ਵਿਰਕ
ਸੀਨੀਅਰ ਮੀਤ ਪ੍ਰਧਾਨ



ਸ. ਬਿੱਕਰ ਸਿੰਘ ਚੰਨੂ
ਜੂਨੀਅਰ ਮੀਤ ਪ੍ਰਧਾਨ



ਸ. ਗੁਰਬਚਨ ਸਿੰਘ ਕਰਮੂੰਵਾਲਾ
ਜਨਰਲ ਸਕੱਤਰ



ਸ. ਗੁਰਮੀਤ ਸਿੰਘ ਤ੍ਰਿਲੋਕੇਵਾਲਾ
ਅੰਤ੍ਰਿੰਗ ਮੈਂਬਰ



ਸ. ਜਰਨੈਲ ਸਿੰਘ ਕਰਤਾਰਪੁਰ
ਅੰਤ੍ਰਿੰਗ ਮੈਂਬਰ



ਭਾਈ ਮਨਜੀਤ ਸਿੰਘ
ਅੰਤ੍ਰਿੰਗ ਮੈਂਬਰ



ਸ. ਸ਼ਿੰਗਾਰਾ ਸਿੰਘ ਲੋਹੀਆ
ਅੰਤ੍ਰਿੰਗ ਮੈਂਬਰ



ਸ. ਭੁਪਿੰਦਰ ਸਿੰਘ ਭਲਵਾਨ
ਅੰਤ੍ਰਿੰਗ ਮੈਂਬਰ



ਸ. ਤਾਰਾ ਸਿੰਘ ਸੱਲ੍ਹਾ
ਅੰਤ੍ਰਿੰਗ ਮੈਂਬਰ



ਸ. ਅਮਰੀਕ ਸਿੰਘ ਵਿਛੋਆ
ਅੰਤ੍ਰਿੰਗ ਮੈਂਬਰ



ਸ. ਜਗਜੀਤ ਸਿੰਘ ਤਲਵੰਡੀ
ਅੰਤ੍ਰਿੰਗ ਮੈਂਬਰ



ਸ. ਅਮਰੀਕ ਸਿੰਘ ਕੋਟਸ਼ਮੀਰ
ਅੰਤ੍ਰਿੰਗ ਮੈਂਬਰ



ਸ. ਖੁਸ਼ਵਿੰਦਰ ਸਿੰਘ ਭਾਟੀਆ
ਅੰਤ੍ਰਿੰਗ ਮੈਂਬਰ



ਬੀਬੀ ਜਸਬੀਰ ਕੌਰ ਜਫਰਵਾਲ
ਅੰਤ੍ਰਿੰਗ ਮੈਂਬਰ

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਥਾਪਨਾ ਦਿਵਸ ਪੰਥਕ ਜਾਹੋ-ਜਲਾਲ ਨਾਲ ਮਨਾਇਆ

## ਸ਼੍ਰੋਮਣੀ ਕਮੇਟੀ ਨੇ ਹਮੇਸ਼ਾ ਧਾਰਮਿਕ, ਸਮਾਜਿਕ ਤੇ ਲੋਕ ਭਲਾਈ ਦੇ ਖੇਤਰ 'ਚ ਯਾਦਗਾਰੀ ਭੂਮਿਕਾ ਨਿਭਾਈ -ਭਾਈ ਲੌਂਗੋਵਾਲ



ਅੰਮ੍ਰਿਤਸਰ- ਸੰਨ 1920 ਵਿਚ ਅਨੇਕਾਂ ਕੁਰਬਾਨੀਆਂ ਤੋਂ ਬਾਅਦ ਹੋਂਦ ਵਿਚ ਆਈ ਸਿੱਖ ਕੌਮ ਦੀ ਨੁਮਾਇੰਦਾ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਥਾਪਨਾ ਦਿਵਸ ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜ਼ਮਾਂ ਵੱਲੋਂ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਪੰਥਕ ਜਾਹੋ-ਜਲਾਲ ਨਾਲ ਮਨਾਇਆ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ ਅਤੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸੰਸਥਾ ਦੇ ਸ਼ਾਨਾਮੱਤੇ ਇਤਿਹਾਸ ਸਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਇਤਿਹਾਸਕ ਗੁਰਧਾਮਾਂ ਨੂੰ ਮਹੰਤਾਂ ਦੇ ਹੱਥਾਂ ਵਿੱਚੋਂ ਛੁਡਵਾ ਕੇ ਸੰਗਤੀ ਹੱਥਾਂ 'ਚ ਦੇਣ ਦਾ ਉਹ ਸਫ਼ਰ ਹੈ ਜਿਸ ਨੂੰ ਤੈਅ ਕਰਨ ਲਈ ਸਿੱਖ ਕੌਮ ਨੂੰ ਵੱਡੀਆਂ ਸ਼ਹਾਦਤਾਂ ਦੇ ਸਨਮੁਖ ਹੋਣਾ ਪਿਆ। ਸਿੱਖ ਕੌਮ ਦੀ ਇਹ ਮਹਾਨ ਸੰਸਥਾ ਅੱਜ ਇਕ ਸਦੀ ਦਾ ਸਫ਼ਰ ਤੈਅ ਕਰਨ ਵਾਲੀ ਹੈ ਅਤੇ ਇਸ ਦੌਰਾਨ ਇਸ ਨੇ ਹਰ ਖੇਤਰ ਵਿਚ ਜ਼ਿਕਰਯੋਗ ਕਾਰਜ ਕੀਤੇ ਹਨ। ਉਨ੍ਹਾਂ ਆਖਿਆ ਕਿ ਇਸ ਸੰਸਥਾ ਨੇ ਜਿਥੇ ਧਰਮ ਪ੍ਰਚਾਰ ਖੇਤਰ 'ਚ ਜ਼ਿਕਰਯੋਗ ਹਿੱਸਾ ਪਾਇਆ ਹੈ, ਉਥੇ ਹੀ ਸਮਾਜਿਕ, ਆਰਥਿਕ ਅਤੇ ਲੋਕ ਭਲਾਈ ਦੇ ਕਾਰਜਾਂ ਨੂੰ ਵੀ ਵਿਸ਼ੇਸ਼ ਅਹਿਮੀਅਤ ਦਿੱਤੀ ਹੈ। ਭਾਈ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਤੋਂ ਲੈ ਕੇ ਵਰਤਮਾਨ ਸਮੇਂ ਤੱਕ ਦਾ ਜ਼ਿਕਰ ਕਰਦਿਆਂ ਆਖਿਆ ਕਿ ਸਿੱਖ ਕੌਮ ਦੀ ਚੜ੍ਹਦੀ ਕਲਾ ਲਈ ਸੰਘਰਸ਼ੀ ਆਗੂ ਪੈਦਾ ਕਰਨ ਵਿਚ ਵੀ ਇਹ ਸੰਸਥਾ ਸਦਾ ਹੀ ਮੋਹਰੀ ਰਹੀ ਹੈ। ਭਾਈ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਅਤੇ ਦਰਜ਼ਾ-ਬ-ਦਰਜ਼ਾ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸੇਵਾ ਦੌਰਾਨ ਇਸ ਮਾਣਮੱਤੀ ਸੰਸਥਾ ਦੀ ਪ੍ਰਤਿਭਾ ਨੂੰ ਵਧਾਉਣ ਲਈ ਯਤਨ ਕਰਨ। ਉਨ੍ਹਾਂ ਆਖਿਆ ਕਿ ਇਹੀ ਇਕੋ-ਇਕ ਸਿੱਖ ਸੰਸਥਾ ਹੈ ਜੋ ਕੌਮਾਂਤਰੀ ਪੱਧਰ 'ਤੇ ਸਿੱਖਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਅਗਵਾਈ ਕਰਦੀ ਹੈ ਅਤੇ ਸੰਸਾਰ ਦੇ ਸਿੱਖਾਂ ਨੂੰ ਵੀ ਆਪਣੀ ਇਸ ਸੰਸਥਾ 'ਤੇ ਮਾਣ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਵੱਲੋਂ ਸਥਾਪਨਾ ਦਿਵਸ ਨੂੰ ਵਿਸ਼ਾਲ ਪੱਧਰ 'ਤੇ ਮਨਾਉਣ ਦੀ ਪ੍ਰਸੰਸਾ ਕੀਤੀ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀਸ਼ਨਲ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖਾਂ ਦੀ ਉਹ ਸੰਸਥਾ ਹੈ, ਜਿਸ ਨੇ ਪੂਰੀ ਕੌਮ ਨੂੰ ਸੰਗਠਤ ਕਰਨ ਲਈ ਵਡੇਰੀ ਭੂਮਿਕਾ ਨਿਭਾਈ ਹੈ ਅਤੇ ਪੰਥਕ ਮਰਿਯਾਦਾ ਦੇ ਪ੍ਰਚਾਰ ਲਈ ਵੀ ਭਰਪੂਰ ਸੇਵਾਵਾਂ ਦਿੱਤੀਆਂ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਦੇ ਇਤਿਹਾਸ ਅਤੇ ਇਸ ਵੱਲੋਂ ਵੱਖ-ਵੱਖ ਖੇਤਰਾਂ ਵਿਚ ਪਾਏ ਯੋਗਦਾਨ ਦਾ ਖੁਲਾਸਾ ਕੀਤਾ। ਉਨ੍ਹਾਂ ਇਹ ਵੀ ਆਖਿਆ ਕਿ ਇਸ ਸੰਸਥਾ ਨੂੰ ਇਹ ਮਾਣ ਵੀ ਹਾਸਲ ਹੈ ਕਿ ਇਸ ਦੇ ਵੱਖ-ਵੱਖ ਅਦਾਰਿਆਂ ਵਿਚ 25 ਹਜ਼ਾਰ ਦੇ ਲਗਭਗ ਮੁਲਾਜ਼ਮ ਸੇਵਾਵਾਂ ਨਿਭਾ ਰਹੇ ਹਨ ਅਤੇ ਇਸ ਤਰ੍ਹਾਂ ਇਹ ਕੌਮ ਦੇ ਲੋਕਾਂ ਨੂੰ ਵੱਡੇ ਪੱਧਰ 'ਤੇ ਰੋਜ਼ਗਾਰ ਦੇਣ ਵਾਲੀ ਸੰਸਥਾ ਵਜੋਂ ਵੀ ਹੋਂਦ ਰੱਖਦੀ ਹੈ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਚਾਰ ਸਾਬਕਾ ਮੁਲਾਜ਼ਮਾਂ ਨੂੰ ਉਨ੍ਹਾਂ ਦੀ ਬੇਹਤਰ ਸੇਵਾਵਾਂ ਬਦਲੇ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਵਿਚ ਸਾਬਕਾ ਮੀਤ ਸਕੱਤਰ ਸ. ਗੁਰਬਚਨ ਸਿੰਘ ਚਾਂਦ, ਸ੍ਰੀ ਦਰਬਾਰ ਸਾਹਿਬ ਦੇ ਸਾਬਕਾ ਮੈਨੇਜਰ ਸ. ਦਿਆਲ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਾਬਕਾ ਸੇਵਾਦਾਰ ਗਿਆਨੀ ਸਰਵਨ ਸਿੰਘ ਤੇ ਸ੍ਰੀ ਸੋਹਨ ਲਾਲ ਸ਼ਾਮਲ ਸਨ। ਇਸ ਤੋਂ ਇਲਾਵਾ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਦੀਪ ਸਿੰਘ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਸੁਲਤਾਨ ਸਿੰਘ ਨੇ ਅਰਦਾਸ ਕੀਤੀ। ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸਰਵਣ ਕਰਵਾਇਆ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਤੇ ਭਾਈ ਮਲਕੀਤ ਸਿੰਘ ਮੁੱਖ ਗ੍ਰੰਥੀ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਭਾਈ ਖੁਸ਼ਵਿੰਦਰ ਸਿੰਘ ਭਾਟੀਆ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਰਾਮ ਸਿੰਘ, ਸ. ਭਗਵੰਤ ਸਿੰਘ ਸਿਆਲਕਾ, ਸ. ਗੁਰਨਾਮ ਸਿੰਘ ਜੱਸਲ, ਸ. ਰਤਨ ਸਿੰਘ ਜੱਫਰਵਾਲ, ਸ. ਸੁਖਵਰਸ਼ ਸਿੰਘ ਪੰਨੂੰ, ਸ. ਕੁਲਦੀਪ ਸਿੰਘ ਤੇੜਾ, ਸ. ਬਿਕਰਮਜੀਤ ਸਿੰਘ ਕੋਟਲਾ, ਬੀਬੀ ਜੋਗਿੰਦਰ ਕੌਰ ਧਰਮਕੋਟ, ਸ਼੍ਰੋਮਣੀ ਕਮੇਟੀ ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ, ਸ. ਬਿਜੈ ਸਿੰਘ, ਸ. ਮਹਿੰਦਰ ਸਿੰਘ ਆਹਲੀ ਤੇ ਸ. ਪ੍ਰਤਾਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਤੇ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਤਿੰਦਰ ਸਿੰਘ, ਸ. ਗੁਰਬਚਨ ਸਿੰਘ ਲੇਹਲ, ਸ. ਕਰਮਬੀਰ ਸਿੰਘ ਕਿਆਮਪੁਰ ਤੇ ਸ. ਹਰਜਿੰਦਰ ਸਿੰਘ ਕੈਰੋਵਾਲ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਸਹਾਇਕ ਸੁਪ੍ਰਿੰਟੈਂਡੈਂਟ, ਸਾਬਕਾ ਮੁਲਾਮਜ਼ਾਂ ਵਿੱਚੋਂ ਸ. ਜੋਗਿੰਦਰ ਸਿੰਘ ਅਦਲੀਵਾਲ, ਸ. ਸਤਬੀਰ ਸਿੰਘ ਧਾਮੀ, ਸ. ਕੁਲਦੀਪ ਸਿੰਘ ਬਾਵਾ, ਸ. ਹਰਿੰਦਰਪਾਲ ਸਿੰਘ, ਸ. ਕੁਲਦੀਪ ਸਿੰਘ ਬਾਵਾ, ਡਾ. ਸੂਬਾ ਸਿੰਘ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਦੇ ਸਮੂਹ ਮੁਲਾਜ਼ਮ ਹਾਜ਼ਰ ਸਨ।

# ਧਾਰਮਿਕ ਪ੍ਰੀਖਿਆ 'ਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ

## ਧਾਰਮਿਕ ਪ੍ਰੀਖਿਆ 'ਚ 50 ਹਜ਼ਾਰ ਵਿਦਿਆਰਥੀਆਂ ਨੇ ਲਿਆ ਸੀ ਭਾਗ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਦੀ ਧਾਰਮਿਕ ਪ੍ਰੀਖਿਆ ਵਿੱਚੋਂ ਵਿਸ਼ੇਸ਼ ਸਥਾਨ ਪ੍ਰਾਪਤ ਕਰਨ ਵਾਲੇ 15 ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਇਨਾਮੀ ਰਾਸ਼ੀ ਪ੍ਰਾਪਤ ਕਰਨ ਵਾਲੇ ਇਨ੍ਹਾਂ ਵਿਦਿਆਰਥੀਆਂ ਵਿਚ ਧਾਰਮਿਕ ਪ੍ਰੀਖਿਆ ਦੇ ਵੱਖ-ਵੱਖ ਦਰਜਿਆਂ ਵਿੱਚੋਂ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀ ਸ਼ਾਮਲ ਸਨ। ਪਹਿਲਾ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ 5100 ਰੁਪਏ, ਦੂਸਰੇ ਸਥਾਨ 'ਤੇ ਰਹਿਣ ਵਾਲਿਆਂ ਨੂੰ 4100 ਰੁਪਏ ਅਤੇ ਤੀਜੇ ਸਥਾਨ ਪ੍ਰਾਪਤ ਕਰਤਾ ਨੂੰ 3100 ਰੁਪਏ ਦੀ ਰਾਸ਼ੀ ਇਨਾਮ ਵਜੋਂ ਦਿੱਤੀ ਗਈ। ਇਸ ਤੋਂ ਇਲਾਵਾ ਦੋ ਸਾਲਾ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ ਦੇ ਮੈਰਿਟ ਵਿਚ ਆਉਣ ਵਾਲੇ ਸਿੱਖਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਹਰ ਸਾਲ ਲਈ ਜਾਂਦੀ ਧਾਰਮਿਕ ਪ੍ਰੀਖਿਆ ਵਿਚ ਹਜ਼ਾਰਾਂ ਵਿਦਿਆਰਥੀਆਂ ਵੱਲੋਂ ਭਾਗ ਲਿਆ ਜਾਂਦਾ ਹੈ ਅਤੇ ਇਸ ਪ੍ਰੀਖਿਆ ਵਿੱਚੋਂ ਵਜ਼ੀਫ਼ੇ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੋਂ ਇਲਾਵਾ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ ਵਿਸ਼ੇਸ਼ ਇਨਾਮ ਦਿੱਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਸਾਲ 2017 ਦੀ ਧਾਰਮਿਕ ਪ੍ਰੀਖਿਆ ਵਿਚ ਪੂਰੇ ਭਾਰਤ ਦੇ 650 ਸਕੂਲਾਂ ਕਾਲਜਾਂ ਦੇ ਪੰਜਾਹ ਹਜ਼ਾਰ ਦੇ ਲਗਭਗ ਵਿਦਿਆਰਥੀਆਂ ਨੇ ਹਿੱਸਾ ਲਿਆ ਸੀ, ਜਿਨ੍ਹਾਂ ਵਿੱਚੋਂ 658 ਵਿਦਿਆਰਥੀਆਂ ਵੱਲੋਂ ਵਜ਼ੀਫ਼ਾ ਪ੍ਰਾਪਤ ਕੀਤਾ ਗਿਆ। ਇਸੇ ਸਾਲ ਦੀ ਧਾਰਮਿਕ ਪ੍ਰੀਖਿਆ ਦੇ ਵੱਖ-ਵੱਖ ਦਰਜਿਆਂ ਵਿੱਚੋਂ ਬਿਹਤਰ ਕਾਰਗੁਜਾਰੀ ਦਿਖਾਉਣ ਵਾਲੇ 15 ਵਿਦਿਆਰਥੀਆਂ ਨੂੰ ਵਿਸ਼ੇਸ਼ ਇਨਾਮ ਦਿੱਤੇ ਗਏ ਹਨ। ਭਾਈ ਲੌਂਗੋਵਾਲ ਨੇ ਕਿਹਾ ਕਿ ਧਾਰਮਿਕ ਪ੍ਰੀਖਿਆ ਦਾ ਮੰਤਵ ਬੱਚਿਆਂ ਅਤੇ ਨੌਜੁਆਨਾਂ ਨੂੰ ਸਿੱਖੀ ਦੇ ਸਿਧਾਂਤਾਂ ਅਤੇ ਗੁਰਮਤਿ ਸੱਭਿਆਚਾਰ ਨਾਲ ਜੋੜਨਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅੰਤ੍ਰਿੰਗ ਮੈਂਬਰ ਸ. ਲਖਬੀਰ ਸਿੰਘ ਅਰਾਈਆਂਵਾਲਾ, ਸ. ਗੁਰਤੇਜ ਸਿੰਘ ਢੱਡੇ, ਭਾਈ ਅਮਰਜੀਤ ਸਿੰਘ ਚਾਵਲਾ, ਸ. ਗੁਰਮੇਲ ਸਿੰਘ ਸੰਗਤਪੁਰਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਜਗਜੀਤ ਸਿੰਘ ਜੱਗੀ, ਪ੍ਰੋ. ਸੁਖਦੇਵ ਸਿੰਘ ਇੰਚਾਰਜ ਆਦਿ ਹਾਜ਼ਰ ਸਨ।

# ਪਿੰਡ ਢੁੱਡੀਆਂਵਾਲਾ ਵਿਖੇ 6 ਰੋਜ਼ਾ ਗੁਰਮਤਿ ਸਮਾਗਮ

ਡਡਵਿੰਡੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਜਰਨੈਲ ਸਿੰਘ ਡੋਗਰਾਂਵਾਲਾ ਦੇ ਸਹਿਯੋਗ ਸਦਕਾ ਪਿੰਡ ਢੁੱਡੀਆਂਵਾਲਾ ਦੇ ਗੁਰਦੁਆਰਾ ਸਾਹਿਬ ਵਿਚ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ 6 ਰੋਜ਼ਾ ਗੁਰਮਤਿ ਸਮਾਗਮ ਸ਼ਰਧਾ ਤੇ ਉਤਸ਼ਾਹ ਸਹਿਤ ਕਰਵਾਇਆ ਗਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਹਰਜੀਤ ਸਿੰਘ ਨੇ ਬੱਚਿਆਂ ਨੂੰ ਸਿੱਖੀ ਸਿਧਾਂਤਾਂ ਤੋਂ ਜਾਣੂੰ ਕਰਵਾਇਆ।

ਇਸ ਮੌਕੇ ਭਾਈ ਹਰਪਾਲ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ, ਭਾਈ ਸੁਖਜੀਤ ਸਿੰਘ ਕਥਾਵਾਚਕ, ਭਾਈ ਗੁਰਜੀਤ ਸਿੰਘ ਭੱਠਲ ਕਵੀਸ਼ਰ, ਭਾਈ ਗੁਰਪ੍ਰੀਤ ਸਿੰਘ ਭੰਗੂ ਢਾਡੀ ਜੱਥਾ, ਭਾਈ ਅਮਰੀਕ ਸਿੰਘ ਪ੍ਰਚਾਰਕ, ਭਾਈ ਗੁਰਮੁਖ ਸਿੰਘ, ਬੀਬੀ ਕੀਰਤ ਕੌਰ ਤੇ ਭਾਈ ਹਰਪ੍ਰੀਤ ਸਿੰਘ ਲੋਹੀਆਂ ਕਥਾਵਾਚਕ ਨੇ ਕਥਾ, ਕਵੀਸ਼ਰੀ ਤੇ ਢਾਡੀ ਵਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 31 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਵੱਲੋਂ ਧਾਰਮਿਕ ਲਿਟਰੇਚਰ ਵੀ ਵੰਡਿਆ ਗਿਆ।



# ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਦੂਜੀ ਵਾਰ ਪ੍ਰਧਾਨ ਬਣਨ 'ਤੇ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਤੇ ਮੁਲਾਜ਼ਮਾਂ ਕੀਤਾ ਭਰਵਾਂ ਸਵਾਗਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦੂਸਰੀ ਵਾਰ ਪ੍ਰਧਾਨ ਚੁਣੇ ਜਾਣ 'ਤੇ ਸ਼੍ਰੋਮਣੀ ਕਮੇਟੀ ਦਫ਼ਤਰ ਪਹੁੰਚਣ 'ਤੇ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਦੌਰਾਨ ਭਾਈ ਲੌਂਗੋਵਾਲ ਸਮੇਤ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਸ. ਖੁਸ਼ਵਿੰਦਰ ਸਿੰਘ ਭਾਟੀਆ ਨੂੰ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਹੋਰ ਅਧਿਕਾਰੀਆਂ ਨੇ ਫੁੱਲਾਂ ਦੇ ਗੁਲਦਸਤੇ ਭੇਟ ਕੀਤੇ ਅਤੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਕਿ ਉਨ੍ਹਾਂ ਨੂੰ ਗੁਰੂ ਸਾਹਿਬ ਦੀ ਰਹਿਮਤ ਨਾਲ ਮੁੜ ਪੰਥ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ ਅਤੇ ਉਨ੍ਹਾਂ ਦਾ ਯਤਨ ਹੋਵੇਗਾ ਕਿ ਉਹ ਅਹੁਦੇਦਾਰਾਂ, ਮੈਂਬਰਾਂ ਤੇ ਅਧਿਕਾਰੀਆਂ ਦੇ ਸਹਿਯੋਗ ਨਾਲ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕਰਨ, ਕੌਮੀ ਮਸਲਿਆਂ ਦਾ ਸਰਲੀਕਰਨ ਕਰਨ ਅਤੇ ਲੋਕ ਹਿੱਤ ਅਧਿਕਾਰੀਆਂ ਕਾਰਜਾਂ ਨੂੰ ਪਹਿਲ ਦੇ ਅਧਾਰ 'ਤੇ ਕਰਨਗੇ। ਇਸ ਮੌਕੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਆਖਿਆ ਕਿ ਭਾਈ ਲੌਂਗੋਵਾਲ ਦੀ ਅਗਵਾਈ 'ਚ ਨਵੇਂ ਚੁਣੇ ਗਏ ਅਹੁਦੇਦਾਰ ਪੰਥ ਦੀ ਚੜ੍ਹਦੀ ਕਲਾ ਲਈ ਜੋ ਵੀ ਕਾਰਜ ਕਰਨਗੇ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਨੂੰ ਅਮਲ 'ਚ ਲਿਆਉਣ ਲਈ ਪੂਰਨ ਸਹਿਯੋਗ ਦਿੱਤਾ ਜਾਵੇਗਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਰਾਮ ਸਿੰਘ, ਸ. ਭਗਵੰਤ ਸਿੰਘ ਸਿਆਲਕਾ, ਸ. ਗੁਰਨਾਮ ਸਿੰਘ ਜੱਸਲ, ਸ. ਰਤਨ ਸਿੰਘ ਜੱਫਰਵਾਲ, ਸ. ਸੁਖਵਰਸ਼ ਸਿੰਘ ਪੰਨੂੰ, ਸ. ਕੁਲਦੀਪ ਸਿੰਘ ਤੇੜਾ, ਸ. ਬਿਕਰਮਜੀਤ ਸਿੰਘ ਕੋਟਲਾ, ਸ. ਹਰਪਾਲ ਸਿੰਘ ਜੱਲਾ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ, ਸ. ਬਿਜੈ ਸਿੰਘ, ਸ. ਮਹਿੰਦਰ ਸਿੰਘ ਆਹਲੀ ਤੇ ਸ. ਪ੍ਰਤਾਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਤੇ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਕਰਮਬੀਰ ਸਿੰਘ ਕਿਆਮਪੁਰ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਸਹਾਇਕ ਸੁਪ੍ਰਿੰਟੈਂਡੈਂਟ ਆਦਿ ਮੌਜੂਦ ਸਨ।





ਗੁਰਦੁਆਰਾ ਸਾਹਿਬ ਪਿੰਡ ਪੰਡੋਰੀ ਵੜੈਚ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਫਤਿਹ ਗੁਰਮਤਿ ਪ੍ਰਚਾਰ ਸੰਸਥਾ ਦੇ ਸਹਿਯੋਗ ਨਾਲ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 29 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸੰਤ ਬਾਬਾ ਸੁੰਦਰ ਸਿੰਘ ਜੀ ਨੌਸ਼ਹਿਰਾ (ਜੰਮੂ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 246 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਬਾਬਾ ਬਲਾਕਾ ਸਿੰਘ ਪਿੰਡ ਕੰਗ (ਤਰਨ ਤਾਰਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 12 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਸਿੰਘ ਸਜੇ।



ਗੁਰਦੁਆਰਾ ਬਾਬਾ ਬਕਾਲਾ ਸਾਹਿਬ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਸਕੂਲੀ ਬੱਚਿਆਂ ਲਈ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 75 ਬੱਚਿਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਿੰਡ ਮੁਰਾਦਪੁਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 28 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਸਿੱਖ ਮਿਸ਼ਨ ਹਰਿਆਣਾ ਵੱਲੋਂ ਗੁਰਦੁਆਰਾ ਪੰਜੋਖਰਾ ਸਾਹਿਬ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 48 ਅੰਮ੍ਰਿਤ ਅਭਿਲਾਖੀਆਂ ਨਾਲ ਪੰਜ ਪਿਆਰੇ ਸਾਹਿਬਾਨ।



ਗੁਰਦੁਆਰਾ ਕਲਗੀਧਰ ਸਾਹਿਬ ਦਬੁਰਜੀ (ਸ੍ਰੀ ਅੰਮ੍ਰਿਤਸਰ) ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 52 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਦਸ਼ਮੇਸ਼ ਦਰਬਾਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 39 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਸਿੱਖ ਮਿਸ਼ਨ ਹਾਪੜ (ਯੂ.ਪੀ.) ਵੱਲੋਂ ਪਿੰਡ ਮਾਛਰਾ ਜ਼ਿਲ੍ਹਾ ਮੇਰਠ (ਯੂ.ਪੀ.) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 120 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



4 ਅਕਤੂਬਰ ਨੂੰ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ ਤਲਵੰਡੀ ਸਾਬੋ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 122 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਪਿੰਡ ਲੰਗ (ਪਟਿਆਲਾ) ਵਿਖੇ ਅੰਤ੍ਰਿੰਗ ਮੈਂਬਰ ਜਥੇ. ਜਰਨੈਲ ਸਿੰਘ ਕਰਤਾਰਪੁਰ ਦੇ ਉਦਮ ਸਦਕਾ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 23 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।




ਧਰਮ ਪ੍ਰਚਾਰ ਲਹਿਰ ਤਹਿਤ ਹਫਤਾਵਾਰੀ ਸਮਾਗਮ ਸਮੇਂ 18 ਨਵੰਬਰ ਨੂੰ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ ਤਲਵੰਡੀ ਸਾਬੋ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 163 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਧਰਮ ਪ੍ਰਚਾਰ ਲਹਿਰ ਤਹਿਤ ਕਰਵਾਏ ਜਾ ਰਹੇ ਸਮਾਗਮਾਂ ਸਮੇਂ ਮਾਡਲ ਸਕੂਲ ਸ਼ਹੀਦ ਊਧਮ ਸਿੰਘ ਨਗਰ ਅੰਮ੍ਰਿਤਸਰ ਵਿਖੇ ਵਿਦਿਆਰਥੀਆਂ ਨੂੰ ਗੁਰਮਤਿ ਅਨੁਸਾਰ ਸ਼ਖਸੀਅਤ ਉਸਾਰੀ ਬਾਰੇ ਜਾਣਕਾਰੀ ਦਿੰਦੇ ਹੋਏ ਭਾਈ ਹਰਜੀਤ ਸਿੰਘ ਇੰਚਾਰਜ ਮਾਝਾ ਜ਼ੋਨ।



ਪਿੰਡ ਰਾਮਪੁਰਾ ਗੁੱਜਰਾਂ ਹਲਕਾ ਮੂਨਕ ਵਿਖੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇ. ਰਾਮਪਾਲ ਸਿੰਘ ਬਹਿਣੀਵਾਲ ਦੇ ਸਹਿਯੋਗ ਨਾਲ ਲਗਾਏ ਗਏ ਗੁਰਮਤਿ ਸਿਖਲਾਈ ਕੈਂਪ ਵਿਚ 30 ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ।



ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਪਬਲਿਕ ਸਕੂਲ ਸੁਲਤਾਨਪੁਰ ਲੋਧੀ ਵਿਖੇ ਸਵੇਰ ਦੀ ਸਭਾ ਸਮੇਂ ਬੱਚਿਆਂ ਨੂੰ ਸਿੱਖੀ ਸਿਧਾਂਤਾਂ ਦੀ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।



ਹਲਕਾ ਬਟਾਲਾ ਵਿਖੇ ਨਵਚੇਤਨ ਸਕੂਲ ਖਾਰਾ ਵਿਖੇ ਬੱਚਿਆਂ ਨੂੰ ਧਾਰਮਿਕ ਪ੍ਰੀਖਿਆ ਸਬੰਧੀ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।



ਧਰਮ ਪ੍ਰਚਾਰ ਕਮੇਟੀ ਵੱਲੋਂ 19 ਨਵੰਬਰ ਨੂੰ ਲਈ ਗਈ ਧਾਰਮਿਕ ਪ੍ਰੀਖਿਆ ਸਮੇਂ ਕਲਾਸਵਾਲਾ ਖਾਲਸਾ ਸੀਨੀ: ਸੈਕੰ: ਸਕੂਲ ਕਾਦੀਆਂ ਵਿਖੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ।



ਸ੍ਰੀ ਗੁਰੂ ਨਾਨਕ ਦੇਵ ਪਬਲਿਕ ਸਕੂਲ ਮਾਕੇਵਾਲ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਈ ਗਈ ਧਾਰਮਿਕ ਪ੍ਰੀਖਿਆ ਦੇ ਪੇਪਰ ਦਿੰਦੇ ਹੋਏ ਵਿਦਿਆਰਥੀ ਅਤੇ ਡਿਊਟੀ ਪੁਰ ਪ੍ਰਚਾਰਕ ਭਾਈ ਬਲਕਾਰ ਸਿੰਘ ਅਜਨਾਲਾ।



ਤਰਨ ਤਾਰਨ ਦੇ ਮਹਾਰਾਜਾ ਰਣਜੀਤ ਪਬਲਿਕ ਸਕੂਲ ਦਿਆਲਪੁਰ ਵਿਖੇ ਧਾਰਮਿਕ ਪ੍ਰੀਖਿਆ ਲਈ ਤਿਆਰ ਕੀਤੇ ਬੱਚਿਆਂ ਦੇ ਰੋਲ ਨੰਬਰ ਦਿੰਦੇ ਹੋਏ ਪ੍ਰਚਾਰਕ ਸਾਹਿਬ।



ਹਲਕਾ ਕਾਲਾ ਅਫਗਾਨਾ ਦੇ ਪਿੰਡ ਘਣੀਏ ਕੇ ਬਾਂਗਰ ਵਿਖੇ ਸਿੱਖੀ ਸਰੂਪ ਮੇਰਾ ਅਸਲੀ ਰੂਪ ਤਹਿਤ 250 ਸਿੱਖ ਬੀਬੀਆਂ ਨੂੰ ਸਨਮਾਨਿਤ ਕਰਦੇ ਹੋਏ ਮੈਂਬਰ ਜਥੇ. ਸੱਜਣ ਸਿੰਘ ਬੱਜੂਮਾਨ ਤੇ ਹੋਰ।



ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਗੰਗਸਰ ਜੈਤੋ ਵਿਖੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਜਾਂਦੀ ਧਾਰਮਿਕ ਪ੍ਰੀਖਿਆ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਚਾਰਕ ਭਾਈ ਅਵਤਾਰ ਸਿੰਘ।



ਧਰਮ ਪ੍ਰਚਾਰ ਵਹੀਰ ਅਧੀਨ ਪਿੰਡ ਹਾਕਮ ਸਿੰਘ ਵਾਲਾ (ਬਠਿੰਡਾ) ਵਿਖੇ ਬੱਚਿਆਂ ਦੇ ਲਗਾਏ ਗਏ 12 ਰੋਜ਼ਾ ਗੁਰਮਤਿ ਸਿਖਲਾਈ ਕੈਂਪ ਸਮੇਂ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ।



ਗੁਰੂ ਨਾਨਕ ਗਰਲਜ਼ ਸਕੂਲ ਧਾਰੀਵਾਲ ਵਿਖੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਬੀਬੀ ਰਾਜਬੀਰ ਕੌਰ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ।



ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਜਾਂਦੀ ਧਾਰਮਿਕ ਪ੍ਰੀਖਿਆ ਸਮੇਂ ਭਾਈ ਬਹਿਲੋ ਸੀਨੀ: ਸੈਕੰ: ਸਕੂਲ ਫਫੜੇ ਭਾਈਕੇ (ਮਾਨਸਾ) ਵਿਖੇ ਪੇਪਰਾਂ ਵਿਚ ਡਿਊਟੀ ਦੌਰਾਨ ਭਾਈ ਡਿੰਪਲ ਸਿੰਘ ਸਮਾਉਂ ਤੇ ਭਾਈ ਲਵਪ੍ਰੀਤ ਸਿੰਘ ਦਾਤੇਵਾਲ।

# ਗੁਰਦੁਆਰਾ ਸੰਤ ਘਾਟ ਸਾਹਿਬ ਤੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੱਕ ਸਜਾਇਆ ਨਗਰ ਕੀਰਤਨ

## ਭਾਈ ਗੋਬਿੰਦ ਸਿੰਘ ਲੌਂਗੋਵਾਲ, ਜਥੇਦਾਰ ਗੁਰਬਚਨ ਸਿੰਘ ਕਰਮੂੰਵਾਲਾ, ਬੀਬੀ ਉਪਿੰਦਰਜੀਤ ਕੌਰ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਕੀਤੀ ਸ਼ਮੂਲੀਅਤ

ਸੁਲਤਾਨਪੁਰ ਲੋਧੀ- ਮਾਨਵਤਾ ਦੇ ਸਰਬ ਸਾਂਝੇ ਰਹਿਬਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੇ ਸਥਿਤ ਗੁਰਦੁਆਰਾ ਸ੍ਰੀ ਸੰਤ ਘਾਟ ਸਾਹਿਬ ਤੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਸਜਾਏ ਗਏ ਇਸ ਨਗਰ ਕੀਰਤਨ ਦੀ ਆਰੰਭਤਾ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਫੁੱਲਾਂ ਨਾਲ ਸਜੀ ਸੁੰਦਰ ਬੱਸ ਵਿੱਚ ਸਜਾਈ ਸੁਨਹਿਰੀ ਪਾਲਕੀ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਸ਼ੋਭਿਤ ਕੀਤਾ ਅਤੇ ਪੰਜ ਪਿਆਰੇ ਅਤੇ ਨਿਸ਼ਾਨਚੀ ਸਿੰਘਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਵੀ ਭੇਟ ਕੀਤੇ। ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਦੇ ਮੁੱਖ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾ ਵੱਲੋਂ ਆਰੰਭ ਦੀ ਅਰਦਾਸ ਮਗਰੋਂ ਇਹ ਵਿਸ਼ਾਲ ਨਗਰ ਕੀਰਤਨ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ 'ਚੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਸੰਪੂਰਨ ਹੋਇਆ। ਨਗਰ ਕੀਰਤਨ ਵਿਚ ਵੱਖ-ਵੱਖ ਸਕੂਲਾਂ, ਕਾਲਜਾਂ ਦੇ ਵਿਦਿਆਰਥੀਆਂ ਅਤੇ ਸੰਗਤਾਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ, ਜਦਕਿ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਨੇ ਨਗਰ ਕੀਰਤਨ ਦਾ ਸ਼ਾਨਦਾਰ ਸਵਾਗਤ ਕੀਤਾ। ਨਗਰ ਕੀਰਤਨ ਵਿਚ ਸਕੂਲੀ ਵਿਦਿਆਰਥੀਆਂ ਦੇ ਬੈਂਡ ਅਤੇ ਗਤਕਾ ਪਾਰਟੀਆਂ ਵੱਲੋਂ ਸਿੱਖ ਸ਼ਸਤਰ ਕਲਾ ਦੇ ਬਾਖੂਬੀ ਜ਼ੌਹਰ ਦਿਖਾਈ ਗਏ। ਨਗਰ ਕੀਰਤਨ ਵਿਚ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਗੁਰਮਤਿ ਮਿਸ਼ਨਰੀ ਕਾਲਜਾਂ ਅਤੇ ਵਿਦਿਆਲਿਆਂ ਦੇ ਸਿਖਿਆਰਥੀਆਂ ਨੇ ਵੀ ਕੇਸਰੀ ਦਸਤਾਰਾਂ ਸਜਾ ਕੇ ਅਤੇ ਖ਼ਾਲਸਾਈ ਬਾਣਾ ਪਹਿਨ ਕੇ ਸ਼ਮੂਲੀਅਤ ਕੀਤੀ। ਨਗਰ ਕੀਰਤਨ ਦੇ ਸਾਰੇ ਰਸਤੇ ਥਾਂ-ਥਾਂ 'ਤੇ ਵੱਖ-ਵੱਖ ਤਰ੍ਹਾਂ ਦੇ ਲੰਗਰ ਲਗਾਏ ਗਏ ਸਨ ਅਤੇ ਸਾਰੇ ਮਾਰਗ ਨੂੰ ਖੂਬਸੂਰਤ ਲੜੀਆਂ ਅਤੇ ਸਵਾਗਤੀ ਗੇਟਾਂ ਨਾਲ ਵੀ ਸਜਾਇਆ ਗਿਆ ਸੀ। ਨਗਰ ਕੀਰਤਨ ਦੌਰਾਨ ਫੁੱਲ ਪੱਤੀਆਂ ਦੀ ਵਰਖਾ ਵੀ ਕੀਤੀ ਗਈ ਅਤੇ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲੇ ਭੇਟ ਕੀਤੇ ਗਏ ਅਤੇ ਪੰਜ ਪਿਆਰੇ ਤੇ ਨਿਸ਼ਾਨਚੀ ਸਿੰਘਾਂ ਦਾ ਵੱਖ-ਵੱਖ ਥਾਵਾਂ ''ਤੇ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਮੁਬਾਰਕਬਾਦ ਦਿੱਤੀ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਿੱਖ ਜਗਤ ਲਈ ਇਹ ਵੱਡੀ ਖ਼ੁਸ਼ੀ ਵਾਲੀ ਗੱਲ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਅਗਲੇ ਸਾਲ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਕੌਮਾਂਤਰੀ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸੀਨੀਅਰ ਅਕਾਲੀ ਆਗੂ ਬੀਬੀ ਉਪਿੰਦਰਜੀਤ ਕੌਰ, ਅੰਤ੍ਰਿੰਗ ਮੈਂਬਰ ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਖੁਸ਼ਵਿੰਦਰ ਸਿੰਘ ਭਾਟੀਆ, ਮੈਂਬਰ ਸ. ਜਰਨੈਲ ਸਿੰਘ ਡੋਗਰਾਂਵਾਲਾ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ. ਸਰਵਣ ਸਿੰਘ ਕੁਲਾਰ, ਸ. ਗੁਰਮੀਤ ਸਿੰਘ ਬੂਹ, ਸ. ਸੁਖਵਰਸ਼ ਸਿੰਘ ਪੰਨੂੰ, ਸ. ਬਲਦੇਵ ਸਿੰਘ ਕਲਿਆਣ, ਸਾਬਕਾ ਮੈਂਬਰ ਬੀਬੀ ਭਜਨ ਕੌਰ ਡੋਗਰਾਂਵਾਲਾ, ਬਾਬਾ ਜਗਜੀਤ ਸਿੰਘ ਹਰਖੋਵਾਲ, ਇੰਜੀਨੀਅਰ ਸਵਰਨ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ. ਦਿਲਜੀਤ ਸਿੰਘ ਬੇਦੀ, ਨਿੱਜੀ ਸਕੱਤਰ ਸ. ਸੁਖਮਿੰਦਰ ਸਿੰਘ ਐਕਸੀਅਨ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਮਹਿੰਦਰ ਸਿੰਘ ਆਹਲੀ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਤੇਜਿੰਦਰ ਸਿੰਘ ਪੱਡਾ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਹਰਜਿੰਦਰ ਸਿੰਘ ਕੈਰੋਂਵਾਲ, ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਮੈਨੇਜਰ ਸ. ਜਰਨੈਲ ਸਿੰਘ, ਵਧੀਕ ਮੈਨੇਜਰ ਸ. ਸਰਬਜੀਤ ਸਿੰਘ ਧੁੰਦਾ, ਵਧੀਕ ਮੈਨੇਜਰ ਸ. ਨਰਿੰਦਰ ਸਿੰਘ ਮਥਰੇਵਾਲ, ਭਾਈ ਇੰਦਰਜੀਤ ਸਿੰਘ ਯੂ.ਕੇ. ਬਾਬਾ ਸਤਨਾਮ ਸਿੰਘ ਕਾਰਸੇਵਾ ਵਾਲਿਆਂ, ਸ. ਜਸਬੀਰ ਸਿੰਘ ਲੌਂਗੋਵਾਲ ਸਮੇਤ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦਾ ਸਟਾਫ਼, ਵਿਦਿਆਰਥੀ ਅਤੇ ਸੰਗਤਾਂ ਮੌਜੂਦ ਸਨ।





### ਗੁਰਦੁਆਰਾ ਗੁਰੂ ਕਾ ਬਾਗ ਦੇ ਗੁੰਬਦ 'ਤੇ ਸੋਨੇ ਦੇ ਕਲਸ਼ ਚੜ੍ਹਾਏ

ਇਸੇ ਦੌਰਾਨ ਸੁਲਤਾਨਪੁਰ ਲੋਧੀ ਵਿਖੇ ਸਥਿਤ ਇਤਿਹਾਸਕ ਗੁਰਦੁਆਰਾ ਗੁਰੂ ਕਾ ਬਾਗ ਦੀ ਨਵੇਂ ਤਿਆਰ ਕੀਤੇ ਗਏ ਦਰਬਾਰ ਦੇ ਗੁੰਬਦ ਉੱਪਰ ਸੋਨੇ ਦੇ ਕਲਸ਼ ਚੜ੍ਹਾਉਣ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਉਚੇਚੇ ਤੌਰ 'ਤੇ ਪਹੁੰਚੇ। ਇਸ ਤੋਂ ਪਹਿਲਾਂ ਸ੍ਰੀ ਅਨੰਦ ਸਾਹਿਬ ਦੇ ਪਾਠ ਉਪਰੰਤ ਅਰਦਾਸ ਕੀਤੀ ਗਈ। ਗੁਰਦੁਆਰਾ ਗੁਰੂ ਕਾ ਬਾਗ ਦੀ ਨਵੀਂ ਇਮਾਰਤ ਦੀ ਕਾਰ ਸੇਵਾ ਬਾਬਾ ਸ਼ਬੇਗ ਸਿੰਘ ਗੋਇੰਦਵਾਲ ਸਾਹਿਬ ਵਾਲਿਆਂ ਵੱਲੋਂ ਕਰਵਾਈ ਜਾ ਰਹੀ ਹੈ ਅਤੇ ਉਨ੍ਹਾਂ ਵੱਲੋਂ ਦਰਬਾਰ ਹਾਲ ਦੀ ਸੇਵਾ ਮੁਕੰਮਲ ਕਰਵਾਈ ਜਾ ਚੁੱਕੀ ਹੈ। ਤਿਆਰ ਕੀਤੇ ਗਏ ਦਰਬਾਰ ਦੀ ਛੱਤ ਅਤੇ ਦੀਵਾਰਾਂ 'ਤੇ ਸੁੰਦਰ ਮੀਨਾਕਾਰੀ ਕੀਤੀ ਗਈ ਹੈ ਅਤੇ ਚਾਂਦੀ ਦੇ ਸੁੰਦਰ ਦਰਵਾਜ਼ੇ ਲਗਾਏ ਗਏ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਬਾਬਾ ਸ਼ਬੇਗ ਸਿੰਘ ਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਗੁੰਬਦ 'ਤੇ ਸੋਨੇ ਦੀ ਸੇਵਾ ਸਬੰਧੀ ਬਾਬਾ ਸ਼ਬੇਗ ਸਿੰਘ ਨੇ ਦੱਸਿਆ ਕਿ ਸਥਾਪਤ ਕੀਤੇ ਜਾਣ ਵਾਲੇ ਕਲਸ਼ ਉੱਪਰ ਡੇਢ ਕਿਲੋ ਦੇ ਕਰੀਬ ਸੋਨੇ ਦੀਆਂ ਤੇਰ੍ਹਾਂ ਪਰਤਾਂ ਚੜ੍ਹਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਹ ਸਾਰੀਆਂ ਸੇਵਾਵਾਂ ਸੰਗਤਾਂ ਦੇ ਸਹਿਯੋਗ ਨਾਲ ਹੀ ਕਰਵਾਈਆਂ ਜਾ ਰਹੀਆਂ ਹੈ।

ਇਸ ਮੌਕੇ ਜਥੇਦਾਰ ਸ਼ਿੰਗਾਰਾ ਸਿੰਘ ਲੋਹੀਆਂ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਗੁਰਮੀਤ ਸਿੰਘ ਬੂਹ, ਸ. ਸਰਵਨ ਸਿੰਘ ਕੁਲਾਰ, ਸ. ਸੁਖਵਰਸ਼ ਸਿੰਘ ਪੰਨੂੰ, ਸ. ਅਵਤਾਰ ਸਿੰਘ ਸੈਂਪਲਾ, ਸ. ਦਿਲਜੀਤ ਸਿੰਘ ਬੇਦੀ, ਨਿੱਜੀ ਸਕੱਤਰ ਸ. ਸੁਖਮਿੰਦਰ ਸਿੰਘ ਐਕਸੀਅਨ, ਸ. ਮਹਿੰਦਰ ਸਿੰਘ ਆਹਲੀ, ਸ. ਤੇਜਿੰਦਰ ਸਿੰਘ ਪੱਡਾ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਜਸਬੀਰ ਸਿੰਘ ਲੌਂਗੋਵਾਲ ਆਦਿ ਮੌਜੂਦ ਸਨ।

### ਧਾਰਮਿਕ ਨਾਟਕਾਂ ਦਾ ਮੰਚਨ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਉਲੀਕੇ ਗਏ ਵੱਖ-ਵੱਖ ਪ੍ਰੋਗਰਾਮਾਂ ਤਹਿਤ ਧਾਰਮਿਕ ਨਾਟਕਾਂ ਦਾ ਮੰਚਨ ਵੀ ਕੀਤਾ ਗਿਆ। ਇਹ ਨਾਟਕ ਭਾਈ ਮਰਦਾਨਾ ਜੀ ਦੀਵਾਨ ਹਾਲ ਵਿਖੇ ਖੇਡੇ ਗਏ, ਜਿਸ ਦਾ ਵੱਡੀ ਗਿਣਤੀ ਵਿਚ ਸੰਗਤਾਂ ਨੇ ਆਨੰਦ ਮਾਣਿਆ। ਖੇਡੇ ਗਏ ਨਾਟਕਾਂ ਵਿਚ ਸ. ਇੰਦਰਜੀਤ ਸਿੰਘ ਸਹਾਰਨ ਦੀ ਟੀਮ ਵੱਲੋਂ 'ਇਹ ਲਹੂ ਕਿਸ ਦਾ ਹੈ' ਦਾ ਸਫਲ ਮੰਚਨ ਹੋਇਆ। ਇਸ ਤੋਂ ਇਲਾਵਾ ਸ਼੍ਰੋਮਣੀ ਨਾਟਕਕਾਰ ਸ੍ਰੀ ਕੇਵਲ ਧਾਲੀਵਾਲ ਦੀ ਨਿਰਦੇਸ਼ਨਾਂ ਹੇਠ ਤਿੰਨ ਨਾਟਕ 'ਮਿਟੀ ਧੁੰਧੁ ਜਗਿ ਚਾਨਣੁ ਹੋਆ', 'ਜਿਨ ਸਚੁ ਪਲੈ ਹੋਇ' ਅਤੇ 'ਸਤਿਗੁਰ ਨਾਨਕ ਪ੍ਰਗਟਿਆ' ਖੇਡੇ ਗਏ।



# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸਿੱਖ ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਰਵਾਨਾ

## ਮੰਦਭਾਗਾ ਹੈ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਦੇ ਵੀਜ਼ੇ ਰੱਦ ਕਰਨਾ -ਭਾਈ ਲੌਂਗੋਵਾਲ

ਅੰਮ੍ਰਿਤਸਰ- ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 1227 ਸਿੱਖ ਸ਼ਰਧਾਲੂਆਂ ਦਾ ਜਥਾ ਜੈਕਾਰਿਆਂ ਦੀ ਗੂੰਜ ਵਿਚ ਰਵਾਨਾ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਿਸ਼ੇਸ਼ ਤੌਰ 'ਤੇ ਮੌਜੂਦ ਸਨ, ਜਿਨ੍ਹਾਂ ਨੇ ਸ਼੍ਰੋਮਣੀ ਕਮੇਟੀ ਮੈਂਬਰ ਸ. ਅਮਰਜੀਤ ਸਿੰਘ ਭਲਾਈਪੁਰ ਤੇ ਬੀਬੀ ਸਵਰਨ ਕੌਰ ਤੇੜਾ ਦੀ ਅਗਵਾਈ ਹੇਠ ਜਥੇ ਨੂੰ ਰਵਾਨਾ ਕੀਤਾ। ਸ਼੍ਰੋਮਣੀ ਕਮੇਟੀ ਵੱਲੋਂ ਜਥੇ ਨਾਲ ਜਨਰਲ ਪ੍ਰਬੰਧਕ ਵਜੋਂ ਸ. ਕਰਨਜੀਤ ਸਿੰਘ ਇੰਚਾਰਜ ਯਾਤਰਾ ਵਿਭਾਗ ਗਏ ਹਨ।

ਜਥਾ ਤੋਰਨ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਸਾਂਝੇ ਤੌਰ 'ਤੇ ਜਥੇ ਦੇ ਆਗੂਆਂ ਨੂੰ ਸਿਰੋਪਾਓ ਦਿੱਤੇ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਵਾਰ 1630 ਸ਼ਰਧਾਲੂਆਂ ਦੇ ਪਾਸਪੋਰਟ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਨੂੰ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 403 ਸ਼ਰਧਾਲੂਆਂ ਦੇ ਵੀਜ਼ੇ ਰੱਦ ਹੋਏ ਹਨ। ਜਥੇ ਦੀ ਰਵਾਨੀ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਮੇਂ ਪਾਕਿਸਤਾਨ ਜਾਣ ਵਾਲੇ ਜਥੇ ਵਿੱਚੋਂ 400 ਤੋਂ ਵੱਧ ਸ਼ਰਧਾਲੂਆਂ ਦੇ ਵੀਜ਼ੇ ਰੱਦ ਕਰਨਾ ਮੰਦਭਾਗੀ ਗੱਲ ਹੈ, ਕਿਉਂਕਿ ਇਸ ਨਾਲ ਸ਼ਰਧਾਲੂਆਂ ਦੀਆਂ ਧਾਰਮਿਕ ਭਾਵਨਾਵਾਂ ਠੇਸ ਪੁੱਜੀ ਹੈ। ਉਨ੍ਹਾਂ ਕਿਹਾ ਕਿ ਚਾਹੀਦਾ ਤਾਂ ਇਹ ਸੀ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਗੁਰਪੁਰਬ ਦੇ ਮੱਦੇਨਜ਼ਰ ਵੱਧ ਤੋਂ ਵੱਧ ਸ਼ਰਧਾਲੂਆਂ ਨੂੰ ਵੀਜ਼ੇ ਦਿੱਤੇ ਜਾਂਦੇ, ਪਰੰਤੂ ਪਾਕਿਸਤਾਨ ਦੂਤਾਵਾਸ ਨੇ ਭੇਜੇ ਗਏ ਪਾਸਪੋਰਟਾਂ ਵਿੱਚੋਂ ਵੀ ਵੀਜ਼ੇਰੱਦ ਦਿੱਤੇ ਹਨ, ਜਿਸ ਨਾਲ ਸਿੱਖ ਸੰਗਤਾਂ ਵਿਚ ਰੋਸ ਹੈ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਅਗਲੇ ਸਾਲ ਮਨਾਏ ਜਾ ਰਹੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਪਾਕਿਸਤਾਨ ਵਿਖੇ ਕੀਤੇ ਜਾਣ ਵਾਲੇ ਸਮਾਗਮਾਂ ਦੀ ਰੂਪ-ਰੇਖਾ ਉਲੀਕਣ ਲਈ ਇਕ ਵਫ਼ਦ ਭੇਜਿਆ ਜਾਵੇਗਾ, ਜਦਕਿ ਇਸ ਜਥੇ ਦੇ ਆਗੂ ਵੀ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਰਕਾਰ ਦੇ ਸਬੰਧਤ ਵਿਭਾਗ ਦੇ ਨੁਮਾਇੰਦਿਆਂ ਨਾਲ ਗੱਲ ਕਰਨਗੇ। ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਲਾਂਘੇ ਸਬੰਧੀ ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਨੇ ਭਾਰਤ ਸਰਕਾਰ ਤੱਕ ਇਸ ਸਬੰਧ ਵਿਚ ਕਈ ਵਾਰ ਪਹੁੰਚ ਕੀਤੀ ਹੈ ਅਤੇ ਉਹ ਭਵਿੱਖ ਵਿਚ ਵੀ ਇਸ ਸਬੰਧੀ ਯਤਨ ਜਾਰੀ ਰੱਖਣਗੇ।

ਸ਼੍ਰੋਮਣੀ ਕਮੇਟੀ ਵੱਲੋਂ ਜਥੇ ਰਾਹੀਂ ਗੁਰਦੁਆਰਾ ਜਨਮ ਅਸਥਾਨ ਨਨਕਾਣਾ ਸਾਹਿਬ ਲਈ ਧਾਰਮਿਕ ਲਿਟਰੇਚਰ ਤੋਂ ਇਲਾਵਾ ਨਿਸ਼ਾਨ ਸਾਹਿਬ ਚੋਲੇ, ਹਾਰਮੋਨੀਅਮ ਤੇ ਤਬਲਾ ਦੇ ਸੈੱਟ, ਕਕਾਰ, ਲੋਈਆਂ, ਸਿਰੋਪਾਓ, ਗੁਟਕਾ ਸਾਹਿਬ ਤੇ ਰੁਮਾਲੇ ਭੇਜੇ ਗਏ ਹਨ। ਜਥਾ ਰਵਾਨਾ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਅਮਰੀਕ ਸਿੰਘ ਵਿਛੋਆ, ਮੈਂਬਰ ਸ. ਤਰਸੇਮ ਸਿੰਘ ਰਤੀਆ, ਸ. ਕੁਲਦੀਪ ਸਿੰਘ ਤੇੜਾ, ਜਥੇਦਾਰ ਰਤਨ ਸਿੰਘ ਜਫਰਵਾਲ, ਸੱਕਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਸ. ਸੁਖਮਿੰਦਰ ਸਿੰਘ ਐਕਸੀਅਨ, ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਸ. ਮਹਿੰਦਰ ਸਿੰਘ ਆਹਲੀ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਨਿਸ਼ਾਨ ਸਿੰਘ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਕਰਮਬੀਰ ਸਿੰਘ ਕਿਆਮਪੁਰ, ਇੰਚਾਰਜ ਸ. ਕਰਨਜੀਤ ਸਿੰਘ ਤੇ ਕਰਮਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਤੇ ਸਟਾਫ਼ ਹਾਜ਼ਰ ਸੀ।





# ਧਰਮ ਪ੍ਰਚਾਰ ਕਮੇਟੀ ਵੱਲੋਂ ਗੁਜਰਾਤ ਦੇ ਸ਼ਹਿਰ ਜੂਨਾਗੜ੍ਹ ਵਿਖੇ ਅੰਮ੍ਰਿਤ ਸੰਚਾਰ ਸਮਾਗਮ

ਅਹਿਮਦਾਬਾਦ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਦੇ ਅਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸਿੱਖ ਮਿਸ਼ਨ ਗੁਜਰਾਤ ਅਹਿਮਦਾਬਾਦ ਵੱਲੋਂ ਗੁਜਰਾਤ ਦੇ ਸ਼ਹਿਰ ਜੂਨਾਗੜ੍ਹ ਵਿਖੇ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ।

ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਦੀ ਪ੍ਰੇਰਨਾ ਨਾਲ ਸਿੱਖ ਮਿਸ਼ਨ ਗੁਜਰਾਤ ਵੱਲੋਂ ਵੱਖ ਵੱਖ ਥਾਵਾਂ ਤੇ ਸਮਾਗਮ ਕੀਤੇ ਗਏ ਜਿਸ ਵਿਚ ਇੰਚਾਰਜ ਭਾਈ ਪਰਮਜੀਤ ਸਿੰਘ ਅਤੇ ਪ੍ਰਚਾਰਕ ਭਾਈ ਸ਼ਿਵਤਾਰ ਸਿੰਘ ਵੱਲੋਂ ਸੰਗਤਾਂ ਨੂੰ ਪ੍ਰੇਰਨਾ ਕੀਤੀ ਗਈ। ਜਿਕਰਯੋਗ ਹੈ ਕਿ ਜੂਨਾਗੜ੍ਹ ਅੰਦਰ ਇਹ ਦੂਸਰਾ ਅੰਮ੍ਰਿਤ ਸੰਚਾਰ ਸਮਾਗਮ ਹੈ ਜਿਸ ਵਿਚ ਸਿੰਧੀ ਸਮਾਜ ਦੇ 70 ਪ੍ਰਾਣੀਆਂ ਵੱਲੋਂ ਅੰਮ੍ਰਿਤਪਾਨ ਕੀਤਾ ਗਿਆ। ਇਸ ਸਮਾਗਮ ਮੌਕੇ ਸਿੱਖ ਮਿਸ਼ਨ ਹਾਪੁੜ ਯੂ.ਪੀ. ਤੋਂ ਪੰਜ ਪਿਆਰੇ ਸਾਹਿਬਾਨ ਨੇ ਪਹੁੰਚ ਕੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ।

ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਨ੍ਹਾਂ ਗੁਰਮਤਿ ਸਮਾਗਮਾਂ ਪ੍ਰਤੀ ਸਿੰਧੀ ਸਿੱਖ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ। ਸਥਾਨਕ ਸੰਗਤਾਂ ਵੱਲੋਂ ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਦੀ ਪ੍ਰਸੰਸਾ ਕੀਤੀ ਜਾ ਰਹੀ ਹੈ।

# ਸਿੱਖ ਮਿਸ਼ਨ ਅਕੈਡਮੀ ਸੁਲਤਾਨਪੁਰ ਲੋਧੀ ਵਿਖੇ ਲੜਕੀਆਂ ਲਈ ਸ਼ਖਸੀਅਤ ਉਸਾਰੀ ਵਰਕਸ਼ਾਪ

ਸੁਲਤਾਨਪੁਰ ਲੋਧੀ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 2019 ਵਿਚ ਆ ਰਹੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਚਲਾਈ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਗੁਰਪ੍ਰੀਤ ਕੌਰ ਦੇ ਸਹਿਯੋਗ ਸਦਕਾ ਭਾਈ ਹਰਜੀਤ ਸਿੰਘ ਇੰਚਾਰਜ ਮਾਝਾ ਜ਼ੋਨ ਵੱਲੋਂ ਵੱਖ-ਵੱਖ ਸਕੂਲਾਂ ਵਿਚ ‘ਬੇਬੇ ਨਾਨਕੀ ਜੀ’ ਅਤੇ ‘ਮਾਤਾ ਸੁਲੱਖਣੀ ਜੀ’ ਦੇ ਨਾਮ ’ਤੇ ਲੜਕੀਆਂ ਲਈ ਸ਼ਖਸੀਅਤ ਉਸਾਰੀ ਵਰਕਸ਼ਾਪ ਅਤੇ ਜ਼ਿੰਮੇਵਾਰੀ ਚੇਤਨਤਾ ਸਬੰਧੀ ਸਮਾਗਮ ਆਰੰਭ ਕੀਤੇ ਗਏ ਹਨ। ਇਸੇ ਸਬੰਧ ਵਿਚ ਸਿੱਖ ਮਿਸ਼ਨ ਅਕੈਡਮੀ ਸੁਲਤਾਨਪੁਰ ਲੋਧੀ ਵਿਖੇ ਲੜਕੀਆਂ ਲਈ ਸ਼ਖਸੀਅਤ ਉਸਾਰੀ ਵਰਕਸ਼ਾਪ ਲਗਾਈ ਗਈ, ਜਿਸ ਵਿਚ ਭਾਈ ਹਰਜੀਤ ਸਿੰਘ ਨੇ ਬੱਚੀਆਂ ਨੂੰ ਬੇਬੇ ਨਾਨਕੀ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਦੇ ਮਹਾਨ ਜੀਵਨ ਦੇ ਅਮੁੱਲ ਗੁਣਾਂ ਨੂੰ ਆਪਣੇ ਜੀਵਨ ਵਿਚ ਧਾਰਨ ਕਰਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਲੜਕੀਆਂ ਨੂੰ ਸ਼ਖਸੀਅਤ ਉਸਾਰੀ ਸਬੰਧੀ ਗੁਰਮਤਿ ਅਨੁਸਾਰ ਵਿਸ਼ੇਸ਼ ਜੀਵਨ-ਜਾਚ ਬਾਰੇ ਜਾਣਕਾਰੀ ਦਿੱਤੀ। ਇਸ ਦੌਰਾਨ ਬੱਚੀਆਂ ਵੱਲੋਂ ਕਈ ਸਵਾਲ ਵੀ ਕੀਤੇ ਗਏ ਜਿਨ੍ਹਾਂ ਦੇ ਜਵਾਬ ਗੁਰਮਤਿ ਦੀ ਰੌਸ਼ਨੀ ਵਿਚ ਉਨ੍ਹਾਂ ਨੂੰ ਪ੍ਰਾਪਤ ਵੀ ਹੋਏ। ਇਸ ਮੌਕੇ ਭਾਈ ਗੁਰਪ੍ਰੀਤ ਸਿੰਘ ਕਥਾਵਾਚਕ ਅਤੇ ਭਾਈ ਹਰਜਿੰਦਰ ਸਿੰਘ ਗ੍ਰੰਥੀ ਸਿੰਘ ਵੱਲੋਂ ਵੀ ਬੱਚੀਆਂ ਨੂੰ ਗੁਰਮਤਿ ਜੀਵਨ ਜਾਚ ਦੀ ਮਹੱਤਤਾ ਅਤੇ ਮਹਾਨਤਾ ਬਾਰੇ ਜਾਣੂੰ ਕਰਵਾਇਆ ਗਿਆ। ਇਸ ਵਰਕਸ਼ਾਪ ਵਿਚ ਲਗਭਗ 100 ਵਿਦਿਆਰਥੀਆਂ ਵੱਲੋਂ ਭਾਗ ਲਿਆ ਗਿਆ। ਇਸ ਮੌਕੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੋਮੈਂਟੋ ਤੇ ਲਿਟਰੇਚਰ ਵੀ ਵੰਡਿਆ ਗਿਆ। ਇਸ ਮੌਕੇ ਸ. ਸੁਖਦੇਵ ਸਿੰਘ ਐਮ.ਡੀ., ਪ੍ਰਿੰਸੀਪਲ ਬੀਬੀ ਇੰਦਰਜੀਤ ਕੌਰ, ਭਾਈ ਅਮਰਦੀਪ ਸਿੰਘ ਸੰਗੀਤ ਪ੍ਰੋਫੈਸਰ ਆਦਿ ਦਾ ਵੀ ਸਹਿਯੋਗ ਲਈ ਸਨਮਾਨ ਕੀਤਾ ਗਿਆ।



## ਭਾਈ ਲੌਂਗੋਵਾਲ ਦੀ ਅਗਵਾਈ 'ਚ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਹੋਈ ਇਕੱਤਰਤਾ

# ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣ ਲਈ ਭਾਰਤ ਅਤੇ ਪਾਕਿਸਤਾਨ ਸਰਕਾਰਾਂ ਦੇ ਧੰਨਵਾਦ ਦਾ ਮਤਾ ਪਾਸ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੁਲਤਾਨਪੁਰ ਲੋਧੀ ਵਿਖੇ ਬਣਾਏ ਜਾ ਰਹੇ ਮੂਲਮੰਤਰ ਅਸਥਾਨ ਵਿਚ ਇਤਿਹਾਸ ਨੂੰ ਰੂਪਮਾਨ ਕਰਨ ਅਤੇ ਪੇਂਟਿੰਗਜ਼ ਸਥਾਪਤ ਕਰਨ ਸਬੰਧੀ ਮਾਹਿਰਾਂ ਦੀ ਇਕ ਕਮੇਟੀ ਬਣਾਉਣ ਦਾ ਫੈਸਲਾ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਹੋਈ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਵਿਚ ਵਿਚਾਰ-ਵਿਟਾਂਦਰੇ ਤੋਂ ਬਾਅਦ ਸੁਲਤਾਨਪੁਰ ਲੋਧੀ ਵਿਖੇ ਸਥਾਪਤ ਕੀਤੀ ਜਾ ਰਹੀ ਅਜੂਬਾ ਨੁਮਾ ਵਿਸ਼ੇਸ਼ ਯਾਦਗਾਰ ਲਈ ਮਾਹਿਰਾਂ ਦਾ ਪੈਨਲ ਬਣਾਉਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਦਿਲਜੀਤ ਸਿੰਘ ਬੇਦੀ ਨੇ ਮੀਟਿੰਗ ਵਿਚ ਲਏ ਗਏ ਫੈਸਲਿਆਂ ਦੀ ਤਫਸੀਲ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬਣਾਈ ਜਾ ਰਹੀ ਇਹ ਯਾਦਗਾਰ ਵਿਲੱਖਣ ਹੋਵੇਗੀ ਅਤੇ ਇਸ ਵਿਚ ਗੁਰੂ ਸਾਹਿਬ ਦੀਆਂ ਉਦਾਸੀਆਂ (ਯਾਤਰਾਵਾਂ) ਨਾਲ ਸਬੰਧਤ ਇਤਿਹਾਸ ਨੂੰ ਪ੍ਰਦਰਸ਼ਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਇਸ ਵਿਚ ਇਤਿਹਾਸ ਅਤੇ ਗੁਰੂ ਸਾਹਿਬ ਦੀ ਜੀਵਨੀ ਨਾਲ ਸਬੰਧਤ ਪੇਂਟਿੰਗਜ਼ ਵੀ ਲਗਾਈਆਂ ਜਾਣਗੀਆਂ। ਇਸ ਸਬੰਧ ਵਿਚ ਮਾਹਿਰਾਂ ਦੀ ਇਕ ਕਮੇਟੀ ਬਣਾਈ ਜਾਵੇਗੀ, ਜਿਸ ਦੀਆਂ ਸਿਫ਼ਾਰਸ਼ਾਂ ਨੂੰ ਅਮਲੀ ਰੂਪ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਅੰਤ੍ਰਿੰਗ ਕਮੇਟੀ ਵੱਲੋਂ ਭਾਰਤ ਅਤੇ ਪਾਕਿਸਤਾਨ ਦੀਆਂ ਸਰਕਾਰਾਂ ਵੱਲੋਂ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣ ਲਈ ਕੀਤੀ ਪਹਿਲਕਦਮੀਂ ਦਾ ਸਵਾਗਤ ਕੀਤਾ ਗਿਆ। ਬੁਲਾਰੇ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਿਛਲੇ ਲੰਮੇ ਅਰਸੇ ਤੋਂ ਲਾਂਘੇ ਸਬੰਧੀ ਯਤਨ ਕੀਤੇ ਜਾ ਰਹੇ ਸਨ ਅਤੇ ਸਿੱਖ ਸੰਗਤਾਂ ਵੱਲੋਂ ਵੀ ਕਈ ਦਹਾਕਿਆਂ ਤੋਂ ਪਿਛੜੇ ਗੁਰਧਾਮਾਂ ਦੇ ਦਰਸ਼ਨ ਦੀਦਾਰਿਆਂ ਦੀ ਅਰਦਾਸ ਕੀਤੀ ਜਾ ਰਹੀ ਹੈ। ਅੰਤ੍ਰਿੰਗ ਕਮੇਟੀ ਨੇ ਭਾਰਤ ਅਤੇ ਪਾਕਿਸਤਾਨ ਦੋਹਾਂ ਦੇਸ਼ਾਂ ਦੀਆਂ ਸਰਕਾਰਾਂ ਸਮੇਤ ਜਿਨ੍ਹਾਂ ਨੇ ਵੀ ਇਸ ਕਾਰਜ ਲਈ ਯੋਗਦਾਨ ਪਾਇਆ ਉਸ ਸਬੰਧੀ ਧੰਨਵਾਦੀ ਮਤਾ ਪਾਸ ਕੀਤਾ ਗਿਆ। ਇਕੱਤਰਤਾ ਦੌਰਾਨ ਭਾਰਤ ਸਰਕਾਰ ਵੱਲੋਂ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਦਿੱਤੇ ਗਏ ਸੁਝਾਅ ਪ੍ਰਵਾਨ ਕਰਨ ਅਤੇ ਇਸ ਇਤਿਹਾਸਕ ਮੌਕੇ ਨੂੰ ਸਮਰਪਿਤ ਵੱਖ-ਵੱਖ ਕਾਰਜਾਂ ਦਾ ਐਲਾਨ ਕਰਨ ਲਈ ਵੀ ਧੰਨਵਾਦ ਕੀਤਾ। ਇਸ ਦੇ ਨਾਲ ਹੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਗੁਰੂ ਨਾਨਕ ਸਿੱਖ ਸਟੱਡੀਜ਼ ਵਿਭਾਗ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਸੰਦੇਸ਼ਾਂ ਬਾਰੇ ਦੋ ਰੋਜ਼ਾ ਅੰਤਰਰਾਸ਼ਟਰੀ ਸੈਮੀਨਾਰ ਅਤੇ ਕਵੀ ਦਰਬਾਰ ਕਰਵਾਉਣ ਲਈ 5 ਲੱਖ ਰੁਪਏ ਦੀ ਸਹਾਇਤਾ ਦੇਣ ਦਾ ਫੈਸਲਾ ਵੀ ਕੀਤਾ ਗਿਆ।

ਇਹ ਵੀ ਪ੍ਰਵਾਨ ਕੀਤਾ ਗਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਸਾਹਿਬ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋਰ ਵੱਖ-ਵੱਖ ਥਾਵਾਂ 'ਤੇ ਵਿਸ਼ੇਸ਼ ਸੈਮੀਨਾਰ ਵੀ ਕਰਵਾਏ ਜਾਣਗੇ। ਸ. ਬੇਦੀ ਨੇ ਦੱਸਿਆ ਕਿ ਧਰਮ ਪ੍ਰਚਾਰ ਕਮੇਟੀ ਅਤੇ ਸਿੱਖ ਇਤਿਹਾਸ ਰੀਸਰਚ ਬੋਰਡ ਦੀ ਇਕੱਤਰਤਾ ਵੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ 7 ਨਵੰਬਰ ਨੂੰ ਸੱਦ ਲਈ ਗਈ ਹੈ।

ਇਕੱਤਰਤਾ ਦੌਰਾਨ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਸ. ਅਮਰੀਕ ਸਿੰਘ ਕੋਟ ਸ਼ਮੀਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਖ਼ੁਸ਼ਵਿੰਦਰ ਸਿੰਘ ਭਾਟੀਆ, ਸ. ਜਗਜੀਤ ਸਿੰਘ ਤਲਵੰਡੀ, ਸ. ਤਾਰਾ ਸਿੰਘ ਸੱਲਾ, ਸ. ਭੁਪਿੰਦਰ ਸਿੰਘ ਭਲਵਾਨ, ਸ. ਜਰਨੈਲ ਸਿੰਘ ਕਰਤਾਰਪੁਰ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਅਮਰੀਕ ਸਿੰਘ ਵਿਛੋਆ, ਬੀਬੀ ਜਸਬੀਰ ਕੌਰ ਜੱਫਰਵਾਲ, ਮੁੱਖ ਸਕੱਤਰ ਡਾ. ਰੂਪ ਸਿੰਘ, ਸੱਕਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਐਡੀਸ਼ਨਲ ਸਕੱਤਰ ਸ. ਕੇਵਲ ਸਿੰਘ ਗਿੱਲ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਮਹਿੰਦਰ ਸਿੰਘ ਆਹਲੀ, ਸ. ਪ੍ਰਤਾਪ ਸਿੰਘ, ਨਿੱਜੀ ਸਕੱਤਰ ਸ. ਸੁਖਮਿੰਦਰ ਸਿੰਘ ਐਕਸੀਅਨ, ਸ. ਦਰਸ਼ਨ ਸਿੰਘ ਲੌਂਗੋਵਾਲ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ ਆਦਿ ਮੌਜੂਦ ਸਨ।

## ‘ਸਿੱਖੀ ਸਰੂਪ ਮੇਰਾ ਅਸਲੀ ਰੂਪ’ ਲਹਿਰ ਤਹਿਤ

# ਹਲਕਾ ਕਾਲਾ ਅਫਗਾਨਾ ਵਿਖੇ 10ਵੇਂ ਗੇੜ ਦਾ ਗੁਰਮਤਿ ਸਮਾਗਮ

## ਜਥੇ. ਸੱਜਣ ਸਿੰਘ ਬੱਜੂਮਾਨ ਵੱਲੋਂ 200 ਸਿੱਖ ਬੀਬੀਆਂ ਦਾ ਸਨਮਾਨ



ਕਾਲਾ ਅਫਗਾਨਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਦਿੱਤੇ ਗਏ ਨਿਰਦੇਸ਼ ਅਨੁਸਾਰ ਪਿੰਡ-ਪਿੰਡ ਵਿਚ ਧਰਮ ਪ੍ਰਚਾਰ ਕਮੇਟੀ ਵੱਲੋਂ ਚਲਾਈ ਜਾ ਰਹੀ ਧਰਮ ਪ੍ਰਚਾਰ ਲਹਿਰ ਤਹਿਤ ਵੱਖ-ਵੱਖ ਸਮਾਗਮ ਕਰਵਾਏ ਜਾਂਦੇ ਹਨ। ਇਸੇ ਸਬੰਧੀ ਮੈਂਬਰ ਸ਼੍ਰੋਮਣੀ ਕਮੇਟੀ ਸ. ਸੱਜਣ ਸਿੰਘ ਬੱਜੂਮਾਨ ਦੀ ਅਗਵਾਈ ਹੇਠ ‘ਸਿੱਖੀ ਸਰੂਪ ਮੇਰਾ ਅਸਲੀ ਰੂਪ’ ਤਹਿਤ ਪਿੰਡ ਬੋਹੜ ਵਾਲਾ ਮਿਰਜਾਜਾਨ ਵਿਖੇ 10ਵੇਂ ਪੜਾਅ ਦੇ ਦੌਰਾਨ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿਚ ਭਾਈ ਰਣਜੋਧ ਸਿੰਘ ਖੋਦੇਬਾਂਗਰ ਦੇ ਕਵੀਸ਼ਰੀ ਜਥੇ ਤੇ ਭਾਈ ਜਤਿੰਦਰ ਸਿੰਘ ਪ੍ਰਚਾਰਕ ਵੱਲੋਂ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਤੋਂ ਜਾਣੂੰ ਕਰਵਾਇਆ ਗਿਆ। ਸਟੇਜ ਸੈਕਟਰੀ ਦੀ ਭੂਮਿਕਾ ਸ. ਰਣਜੀਤ ਸਿੰਘ ਪ੍ਰਚਾਰਕ ਵੱਲੋਂ ਨਿਭਾਈ ਗਈ।

ਇਸ ਸਮਾਗਮ ਵਿਚ 200 ਸਿੱਖ ਬੀਬੀਆਂ ਜੋ ਆਪ ਅੰਮ੍ਰਿਤਧਾਰੀ ਹੋਣ ਦੇ ਨਾਲ ਆਪੋ-ਆਪਣੇ ਬੱਚਿਆਂ ਨੂੰ ਸਾਬਤ ਸੂਰਤ ਰੱਖ ਕੇ ਘਰਾਂ ਵਿਚ ਸਿੱਖੀ ਦੀ ਸੰਭਾਲ ਕੀਤੀ ਹੋਈ ਹੈ, ਉਨ੍ਹਾਂ ਨੂੰ ਸ. ਸੱਜਣ ਸਿੰਘ ਬੱਜੂਮਾਨ ਵੱਲੋਂ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ. ਮਨਜੀਤ ਸਿੰਘ ਜੌੜਾ, ਮੈਨੇਜਰ ਸ. ਰਣਜੀਤ ਸਿੰਘ ਵੜੈਚ, ਸ. ਦਵਿੰਦਰ ਸਿੰਘ ਲਾਲੀ, ਸ. ਪ੍ਰਿਤਪਾਲ ਸਿੰਘ, ਸ. ਅਮਰੀਕ ਸਿੰਘ, ਸ. ਅੰਗਰੇਜ਼ ਸਿੰਘ ਨੰਦਿਆਲੀ, ਸਰਪੰਚ ਸ. ਅਰਜਨ ਸਿੰਘ, ਸ. ਗੁਰਜੀਤ ਸਿੰਘ, ਸ. ਗੁਰਵਿੰਦਰ ਸਿੰਘ ਤੇ ਹੋਰ ਹਾਜ਼ਰ ਸਨ।

# ਗੁਰਦੁਆਰਾ ਸਾਹਿਬ ਪਾ: ਨੌਵੀਂ ਢਿੱਲਵਾਂ ਵਿਖੇ ਗੁਰਮਤਿ ਕੈਂਪ



ਤਪਾ ਮੰਡੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਧਰਮ ਪ੍ਰਚਾਰ ਲਹਿਰ ਤਹਿਤ ਨੇੜਲੇ ਪਿੰਡ ਢਿੱਲਵਾਂ ਦੇ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਨੌਵੀਂ ਵਿਖੇ ਧਰਮ ਪ੍ਰਚਾਰ ਕਮੇਟੀ ਦੇ ਕਥਾਵਾਚਕ ਭਾਈ ਮੋਹਨ ਸਿੰਘ ਵੱਲੋਂ 15 ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਜਿਸ ਵਿਚ 60 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ।

ਗੁਰਦੁਆਰਾ ਸਾਹਿਬ ਦੇ ਮੈਨੇਜਰ ਸ. ਸੁਖਵਿੰਦਰ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਸ. ਬਲਦੇਵ ਸਿੰਘ ਚੂੰਘਾ ਦੇ ਉਦਮ ਸਦਕਾ ਇਹ ਕੈਂਪ ਆਯੋਜਿਤ ਕੀਤਾ ਗਿਆ ਹੈ।

ਕੈਂਪ ਦੇ ਆਖਰੀ ਦਿਨ ਵਿਦਿਆਰਥੀਆਂ ਦੇ ਦੋ ਵਰਗ ਬਣਾ ਕੇ ਪ੍ਰੀਖਿਆ ਲਈ ਗਈ ਅਤੇ ਪਹਿਲੀਆਂ ਚਾਰ ਪੁਜ਼ੀਸ਼ਨਾਂ ਹਾਸਲ ਕਰਨ ਵਾਲਿਆਂ ਨੂੰ ਨਿਰਭਉ ਗਰੁੱਪ ਵੱਲੋਂ 2100/-, 1500/-, 1000/- ਤੇ 500/- ਰੁਪਏ ਦੇ ਕੇ ਸਨਮਾਨਿਆ ਗਿਆ। ਇਨ੍ਹਾਂ ਵਿਚ ਜੂਨੀਅਰ ਗਰੁੱਪ ਵਿਚ ਸਹਿਦੀਪ ਕੌਰ, ਨਵਜੋਤ ਕੌਰ, ਕੰਚਨ ਕੌਰ ਤੇ ਜਸ਼ਨਦੀਪ ਕੌਰ ਅਤੇ ਇਸੇ ਤਰ੍ਹਾਂ ਸੀਨੀਅਰ ਗਰੁੱਪ ਵਿਚ ਜਸਵੀਰ ਕੌਰ, ਜਯੋਤੀ ਕੌਰ, ਅਮਨਜੋਤ ਕੌਰ ਤੇ ਅਮਨਦੀਪ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ, ਤੀਜਾ ਤੇ ਚੌਥਾ ਸਥਾਨ ਹਾਸਲ ਕੀਤਾ। ਜਿਨ੍ਹਾਂ ਨੂੰ ਸਨਮਾਨ ਚਿੰਨ੍ਹ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਵਿਚ ਬੱਚਿਆਂ ਵੱਲੋਂ ਧਾਰਮਿਕ ਕਵਿਤਾਵਾਂ ਤੇ ਕਵੀਸ਼ਰੀ ਰਾਹੀਂ ਸਿੱਖ ਇਤਿਹਾਸ ਸਰਵਣ ਕਰਵਾਇਆ ਗਿਆ।

ਇਸ ਮੌਕੇ ਹੈਡ ਗ੍ਰੰਥੀ ਭਾਈ ਗੁਰਮੇਲ ਸਿੰਘ, ਸ. ਲਖਵਿੰਦਰ ਸਿੰਘ ਲੱਖਾ, ਸ. ਜਸਵਿੰਦਰ ਸਿੰਘ, ਸ. ਗੁਰਜੰਟ ਸਿੰਘ, ਸ. ਹਰਵਿੰਦਰ ਸਿੰਘ ਆਦਿ ਹਾਜ਼ਰ ਸਨ।



ਨਿਸ਼ਾਨ-ਏ-ਸਿੱਖੀ ਇੰਟਰਨੈਸ਼ਨਲ ਸਕੂਲ ਖਡੂਰ ਸਾਹਿਬ ਵਿਖੇ ਧਰਮ ਪ੍ਰਚਾਰ ਕਮੇਟੀ ਦੀ ਧਾਰਮਿਕ ਪ੍ਰੀਖਿਆ ਵਿਚ ਭਾਗ ਲੈਣ ਵਾਲੇ ਬੱਚਿਆਂ ਨਾਲ ਪ੍ਰਚਾਰਕ ਭਾਈ ਲਖਬੀਰ ਸਿੰਘ।

# ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਦੀ ਖ਼ਾਲਸਾਈ ਸ਼ਾਨੋ-ਸ਼ੌਕਤ ਨਾਲ ਸ਼ੁਰੂਆਤ

## ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਵਿਸ਼ਾਲ ਸਮਾਗਮ 'ਚ ਪਹੁੰਚੀਆਂ ਪ੍ਰਮੁੱਖ ਸ਼ਖ਼ਸੀਅਤਾਂ
















ਸੁਲਤਾਨਪੁਰ ਲੋਧੀ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੁੱਚੇ ਸਿੱਖ ਜਗਤ ਦੇ ਸਹਿਯੋਗ ਨਾਲ ਵਿਸ਼ਾਲ ਸਮਾਗਮਾਂ ਦੀ ਆਰੰਭਤਾ ਗੁਰੂ ਸਾਹਿਬ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਖ਼ਾਲਸਾਈ ਸ਼ਾਨੋ-ਸ਼ੌਕਤ ਨਾਲ ਕੀਤੀ ਗਈ। ਇਸ ਸਬੰਧ ਵਿਚ ਗੁਰਦੁਆਰਾ ਸਾਹਿਬ ਦੇ ਭਾਈ ਮਰਦਾਨਾ ਜੀ ਦੀਵਾਨ ਹਾਲ ਵਿਖੇ ਕਰਵਾਏ ਗਏ ਮੁੱਖ ਸਮਾਗਮ ਦੌਰਾਨ ਸਿੰਘ ਸਾਹਿਬਾਨ, ਪੰਥਕ ਤੇ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀਆਂ ਤੋਂ ਇਲਾਵਾ ਭਾਰਤ ਦੇ ਕੇਂਦਰੀ ਮੰਤਰੀ ਡਾ. ਮਹੇਸ਼ ਸ਼ਰਮਾ ਤੇ ਸ. ਹਰਦੀਪ ਸਿੰਘ ਪੁਰੀ, ਪੰਜਾਬ ਦੇ ਰਾਜਪਾਲ ਸ੍ਰੀ ਵੀ. ਪੀ. ਸਿੰਘ ਬਦਨੌਰ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਾਲਾ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਅਤੇ ਭਾਰਤ ਵਾਸੀਆਂ ਲਈ ਹੀ ਖੁਸ਼ੀ ਨਹੀਂ, ਸਗੋਂ ਸਮੁੱਚੀ ਦੁਨੀਆਂ ਦੇ ਲੋਕਾਂ ਲਈ ਇਕ ਮੁਬਾਰਕ ਮੌਕਾ ਹੈ। ਉਨ੍ਹਾਂ ਕਿਹਾ ਕਿ ਇਸ ਮੌਕੇ ਨੂੰ ਵਿਸ਼ੇਸ਼ ਤੌਰ 'ਤੇ ਵਰਤਿਆ ਜਾਵੇਗਾ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ, ਉਪਦੇਸ਼ ਤੇ ਸੰਦੇਸ਼ ਨੂੰ ਵਿਸ਼ਵ ਤੱਕ ਲਿਜਾਇਆ ਜਾਵੇਗਾ, ਇਹ ਕਾਰਜ ਦੁਨੀਆਂ ਭਰ 'ਚ ਸਥਿਤ ਭਾਰਤੀ ਦੂਤਾਵਾਸਾਂ ਰਾਹੀਂ ਕੀਤਾ ਜਾਵੇਗਾ। ਉਨ੍ਹਾਂ ਸੁਲਤਾਨਪੁਰ ਲੋਧੀ ਨੂੰ ਵਿਸ਼ਵ ਦੇ ਨਕਸ਼ੇ 'ਚ ਉਭਾਰਨ ਲਈ ਵਿਰਾਸਤੀ ਸ਼ਹਿਰ ਬਣਾਉਣ ਦੀ ਪ੍ਰਤੀਬਧਤਾ ਦੁਹਰਾਉਂਦਿਆਂ ਕਿਹਾ ਕਿ ਭਾਰਤ ਸਰਕਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇਸ ਦੇ ਵਿਕਾਸ ਲਈ ਕੋਈ ਕਸਰ ਨਹੀਂ ਛੱਡੇਗੀ। ਸਾਰਾ ਸਾਲ ਸਮਾਗਮ ਮੋਦੀ ਦਾ ਧੰਨਵਾਦ ਕੀਤਾ।

**ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ ਅਧਿਆਤਮਿਕਤਾ ਦੀ ਸਿਖ਼ਰ- ਰਾਜਪਾਲ ਸ੍ਰੀ ਵੀ.ਪੀ. ਸਿੰਘ ਬਦਨੌਰ**

ਇਸ ਮੌਕੇ ਪੰਜਾਬ ਦੇ ਰਾਜਪਾਲ ਸ੍ਰੀ ਵੀ. ਪੀ. ਸਿੰਘ ਬਦਨੌਰ ਨੇ ਆਪਣੇ ਸੰਬੋਧਨ ਦੌਰਾਨ ਆਖਿਆ ਕਿ ਪੰਜਾਬ ਦਾ ਇਤਿਹਾਸ ਸਿੱਖ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਨਾਲ ਭਰਿਆ ਹੋਇਆ ਹੈ, ਜੋ ਉਨ੍ਹਾਂ ਨੇ ਸਮਾਜ ਨੂੰ ਉੱਚਾ ਚੁੱਕਣ ਲਈ ਦਿੱਤੀਆਂ ਸਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਸਮੁੱਚੀ ਮਾਨਵਤਾ ਲਈ ਸਰਬਸਾਂਝੀ ਹੈ, ਜਿਸ ਤੋਂ ਸਾਨੂੰ ਸਾਂਝੀਵਾਲਤਾ ਦਾ ਸੁਨੇਹਾ ਮਿਲਦਾ ਹੈ। ਸ੍ਰੀ ਬਦਨੌਰ ਨੇ ਆਖਿਆ ਕਿ ਭਾਰਤ ਅੰਦਰ ਅਧਿਆਤਮਿਕਤਾ ਨੂੰ ਵਿਸ਼ੇਸ਼ ਮਨੁੱਖੀ ਜੀਵਨ ਲਈ ਕਲਿਆਣਕਾਰੀ ਦੱਸਿਆ ਤੇ ਕਿਹਾ ਕਿ ਉਨ੍ਹਾਂ ਦੇ ਸਿਧਾਂਤ ਸਰਬ ਸਾਂਝੀਵਾਲਤਾ, ਮਨੁੱਖੀ ਏਕਤਾ, ਭਾਈਚਾਰਕ ਸਾਂਝ, ਕਿਰਤ ਕਰਨ, ਵੰਡ ਛਕਣ, ਨਾਮ ਜਪਣ ਦਾ ਸੁਨੇਹਾ ਦਿੰਦੇ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸੰਗਤ ਤੇ ਪੰਗਤ ਦੀ ਮਰਯਾਦਾ ਵੀ ਬੰਨ੍ਹੀ, ਜੋ ਸੰਸਾਰ ਦੇ ਧਾਰਮਿਕ ਇਤਿਹਾਸ ਅੰਦਰ ਬਰਾਬਰਤਾ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਮੁੱਚੀ ਮਨੁੱਖਤਾ ਗੁਰੂ ਸਾਹਿਬ ਦੇ ਸਿਧਾਂਤਾਂ, ਉਪਦੇਸ਼ਾਂ ਅਤੇ ਸੰਦੇਸ਼ਾਂ ਨੂੰ ਅਮਲ ਵਿਚ ਲਿਆਵੇ ਤਾਂ ਸੰਸਾਰ ਅੰਦਰ ਸੁੱਖ ਸ਼ਾਂਤੀ, ਆਪਸੀ ਰਿਸ਼ਤਿਆਂ ਦੀ ਮਜ਼ਬੂਤੀ ਅਤੇ ਸੁਖਾਵਾਂ ਵਾਤਾਵਰਣ ਪੈਦਾ ਹੋ ਸਕਦਾ ਹੈ। ਸ. ਬਾਦਲ ਨੇ ਕਿਹਾ ਕਿ ਗੁਰੂ ਸਾਹਿਬ ਦਾ 550 ਸਾਲਾ ਪ੍ਰਕਾਸ਼ ਪੁਰਬ ਸਮੁੱਚੀ ਮਾਨਵਤਾ ਨੂੰ ਇਕ ਧਾਗੇ ਵਿਚ ਪਰੋਣ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਅਤੇ ਅਗਲੇ ਸਾਲ ਮਨਾਏ ਜਾਣ ਵਾਲੇ 550 ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ ਲਈ ਵੀ ਇਸੇ ਤਰ੍ਹਾਂ ਸਹਿਯੋਗ ਦੀ ਆਸ ਪ੍ਰਗਟਾਈ।

**ਸ੍ਰੀ ਗੁਰੂ ਨਾਨਕ ਦੇਵ ਜੀ ਨੇ ਵਿਸ਼ਵ ਨੂੰ ਨਿਰਮਲ ਵਿਚਾਰਧਾਰਾ ਨਾਲ ਜੋੜਿਆ -ਗਿਆਨੀ ਹਰਪ੍ਰੀਤ ਸਿੰਘ**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਵਿਸ਼ਵ ਨੂੰ ਨਿਰਮਲ ਵਿਚਾਰਧਾਰਾ ਨਾਲ ਜੋੜਿਆ, ਜਿਸ ਵਿੱਚੋਂ ਹੱਕ, ਸੱਚ, ਇਨਸਾਫ਼, ਬਰਾਬਰਤਾ, ਕਿਰਤ, ਸਦਭਾਵਨਾ ਦਾ ਸੁਨੇਹਾ ਪ੍ਰਗਟ ਹੁੰਦਾ ਹੈ। ਗੁਰੂ ਸਾਹਿਬ ਦੀ ਇਹ



ਸ. ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ, ਦਿੱਲੀ ਕਮੇਟੀ ਅਤੇ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਾਹਿਬਾਨ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਮੁੱਖ ਆਗੂਆਂ ਦੇ ਨਾਲ-ਨਾਲ ਸ਼੍ਰੋਮਣੀ ਕਮੇਟੀ ਮੈਂਬਰ ਤੇ ਸੰਤ ਸਮਾਜ ਦੇ ਆਗੂ ਵੀ ਵੱਡੀ ਗਿਣਤੀ ਵਿਚ ਮੌਜੂਦ ਸਨ।

ਸਮਾਗਮ ਦੌਰਾਨ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਭੇਜਿਆ ਗਿਆ ਸੰਦੇਸ਼ ਭਾਰਤ ਦੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਡਾ. ਮਹੇਸ਼ ਸ਼ਰਮਾ ਨੇ ਪੜ੍ਹਿਆ। ਆਪਣੇ ਸੰਦੇਸ਼ ਵਿਚ ਸ੍ਰੀ ਨਰਿੰਦਰ ਮੋਦੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੁਨੀਆਂ ਦੇ ਇਕ ਅਜਿਹੇ ਸਰਬਸਾਂਝੇ ਰਹਿਬਰ ਸਨ, ਜਿਨ੍ਹਾਂ ਨੇ ਮਾਨਵਤਾ ਨੂੰ ਆਪਸੀ ਭਾਈਚਾਰੇ ਅਤੇ ਮਿਲਵਰਤਨ ਦਾ ਅਦਭੁਤ ਮਾਰਗ ਦਿੱਤਾ। ਗੁਰੂ ਸਾਹਿਨ ਨੇ ਦੂਰ ਦੇਸ਼ਾਂ ਦੀ ਯਾਤਰਾ ਕੀਤੀ ਅਤੇ ਪ੍ਰੇਮ ਭਾਈਚਾਰੇ ਦਾ ਸੁਨੇਹਾ ਵੰਡਿਆ। ਗੁਰੂ ਸਾਹਿਬ ਦਾ ਇਹ ਸੰਦੇਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ਼ ਉਨ੍ਹਾਂ ਦੀ ਪਵਿੱਤਰ ਬਾਣੀ ਵਿੱਚੋਂ ਪ੍ਰਗਟ ਹੁੰਦਾ ਹੈ। ਗੁਰੂ ਜੀ ਇਕ ਮਹਾਨ ਦਾਰਸ਼ਨਿਕ, ਸਮਾਜ ਸੁਧਾਰਕ ਅਤੇ ਵਿਸ਼ਵ ਦੇ ਕ੍ਰਾਂਤੀਕਾਰੀ ਰਹਿਬਰ ਸਨ। ਉਨ੍ਹਾਂ ਦਾ ਸਾਰਾ ਜੀਵਨ ਹੀ ਸਿਧਾਂਤਕ ਚਮਤਕਾਰੀ ਸੀ। ਪ੍ਰਧਾਨ ਮੰਤਰੀ ਨੇ ਆਪਣੇ ਸੁਨੇਹੇ ਵਿਚ ਗੁਰੂ ਸਾਹਿਬ ਦੇ ਆ ਰਹੇ 550 ਚਲਾਏ ਜਾਣਗੇ ਅਤੇ ਇਸ ਕਾਰਜ ਲਈ ਲੋੜੀਂਦੀਆਂ ਸੇਧਾਂ ਦੇਣ ਲਈ ਇਕ ਵਿਸ਼ੇਸ਼ ਕਮੇਟੀ ਵੀ ਬਣਾ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਸੁਨੇਹਾ ਪੂਰੀ ਦੁਨੀਆਂ 'ਚ ਪ੍ਰਸਾਰਤ ਕਰਨ ਲਈ 550 ਪ੍ਰਕਾਸ਼ ਉਤਸਵ ਇਕ ਵਧੀਆ ਮੌਕਾ ਹੈ ਅਤੇ ਸਿੱਖ ਜਗਤ ਦੀਆਂ ਭਾਵਨਾਵਾਂ ਅਨੁਸਾਰ ਇਸ ਪੁਰਬ ਨੂੰ ਸਮਰਪਿਤ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਵੀ ਖੋਲ੍ਹਿਆ ਜਾ ਰਿਹਾ ਹੈ। ਭਾਰਤ ਸਰਕਾਰ ਆਪਣੇ ਹਿੱਸੇ ਦੀ ਜ਼ਮੀਨ ਤੱਕ ਖੂਬਸੂਰਤ ਲਾਂਘਾ ਤਿਆਰ ਕਰਨ ਅਤੇ ਹੋਰ ਲੋੜੀਂਦੀਆਂ ਸੁਵਿਧਾਵਾਂ ਦੇਣ ਲਈ ਜਲਦ ਦੀ ਕੰਮ ਸ਼ੁਰੂ ਕਰ ਦੇਵੇਗੀ। ਉਨ੍ਹਾਂ ਕਿਹਾ ਕਿ ਜਿੰਨੇ ਵੀ ਸੁਲਤਾਨਪੁਰ ਲੋਧੀ ਵਿਖੇ ਭਾਰਤ ਸਰਕਾਰ ਵੱਲੋਂ ਕਾਰਜ ਕੀਤੇ ਜਾਣੇ ਹਨ, ਉਹ ਵੀ ਜਲਦ ਹੀ ਆਰੰਭੇ ਜਾਣਗੇ।

ਇਸ ਦੌਰਾਨ ਕੇਂਦਰੀ ਮੰਤਰੀ ਸ. ਹਰਦੀਪ ਸਿੰਘ ਪੁਰੀ ਨੇ ਵੀ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰੂ ਸਾਹਿਬ ਦੇ ਜੀਵਨ ਅਤੇ ਉਪਦੇਸ਼ਾਂ ਨੂੰ ਸਮੁੱਚੀ ਮਨੁੱਖਤਾ ਲਈ ਕਲਿਆਣਕਾਰੀ ਦੱਸਿਆ। ਉਨ੍ਹਾਂ ਆਖਿਆ ਕਿ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿਚ ਕੇਂਦਰ ਸਰਕਾਰ ਗੁਰੂ ਸਾਹਿਬ ਦਾ ਸੁਨੇਹਾ ਘਰ-ਘਰ ਪਹੁੰਚਾਉਣ ਲਈ ਕਾਰਜ ਕਰ ਰਹੀ ਹੈ। ਉਨ੍ਹਾਂ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਬਣਾਉਣ ਦੀ ਪਹਿਲਕਦਮੀ ਲਈ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮਹੱਤਵ ਦਿੱਤਾ ਜਾਂਦਾ ਹੈ ਅਤੇ ਗੁਰੂ ਸਾਹਿਬ ਦੇ ਉਪਦੇਸ਼ ਅਧਿਆਤਮਿਕਤਾ ਦੀ ਸਿਖ਼ਰ ਹਨ। ਉਨ੍ਹਾਂ ਸੁਲਤਾਨਪੁਰ ਲੋਧੀ ਨੂੰ ਪਵਿੱਤਰ ਨਗਰੀ ਦੱਸਦਿਆਂ ਕਿਹਾ ਕਿ ਇਹ ਇਸ ਲਈ ਸਾਡੇ ਲਈ ਵੱਡੇ ਸਤਿਕਾਰ ਵਾਲੀ ਹੈ ਕਿਉਂਕਿ ਇਥੋਂ ਪਹਿਲੇ ਪਾਤਸ਼ਾਹ ਨੇ ਜਗਤ ਨੂੰ ਤਾਰਨ ਲਈ ਉਦਾਸੀਆਂ ਸ਼ੁਰੂ ਕਰਨ ਤੋਂ ਪਹਿਲਾਂ ਲੰਮਾ ਸਮਾਂ ਨਿਵਾਸ ਕੀਤਾ ਸੀ। ਉਨ੍ਹਾਂ ਕੇਂਦਰ ਸਰਕਾਰ ਵੱਲੋਂ ਇਸ ਨਗਰੀ ਨੂੰ ਵਿਰਾਸਤੀ ਸ਼ਹਿਰ ਦਾ ਦਰਜ਼ਾ ਦੇਣ ਅਤੇ ਇਥੇ ਗੁਰੂ ਸਾਹਿਬ ਦੇ ਨਾਂ 'ਤੇ ਪਿੰਡ ਵਸਾਉਣ ਨੂੰ ਵੀ ਸ਼ਲਾਘਾਯੋਗ ਕਦਮ ਕਰਾਰ ਦਿੱਤਾ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਗੁਰੂ ਸਾਹਿਬ ਵੱਲੋਂ ਇਸਤਰੀ ਸ਼੍ਰੇਣੀ ਨੂੰ ਦਿੱਤੇ ਗਏ ਸਤਿਕਾਰ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਇਹ ਸਾਡੀ ਖੁਸ਼ਕਿਸਮਤੀ ਹੈ ਕਿ ਗੁਰੂ ਸਾਹਿਬ ਦਾ 550ਵਾਂ ਪ੍ਰਕਾਸ਼ ਪੁਰਬ ਸਾਡੇ ਸਮਿਆਂ ਵਿਚ ਆ ਰਿਹਾ ਹੈ। ਇਸ ਸਮੇਂ ਦੌਰਾਨ ਉਨ੍ਹਾਂ ਨੇ ਪੰਜਾਬ ਦੇ ਰਾਜਪਾਲ ਹੋਣ ਨੂੰ ਵੀ ਆਪਣੇ ਵੱਡੇ ਭਾਗ ਦੱਸਿਆ।

**ਗੁਰੂ ਸਾਹਿਬ ਨੇ ਸਾਂਝੀਵਾਲਤਾ, ਮਨੁੱਖੀ ਏਕਤਾ, ਭਾਈਚਾਰਕ ਸਾਂਝ ਦਾ ਸੁਨੇਹਾ ਦਿੱਤਾ -ਸ. ਸੁਖਬੀਰ ਸਿੰਘ ਬਾਦਲ**

ਸ਼੍ਰੋਮਣੀ ਅਕਾਲ ਦਲ ਦੇ ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਉੱਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਨੂੰ ਲਈ ਵੱਡਾ ਮੌਕਾ ਹੈ, ਜਿਸ ਨੂੰ ਕੌਮਾਂਤਰੀ ਪੱਧਰ 'ਤੇ ਮਨਾਉਣ ਲਈ ਸਮੁੱਚਾ ਸਿੱਖ ਜਗਤ ਉਤਸ਼ਾਹਤ ਹੈ। ਉਨ੍ਹਾਂ ਇਸ ਇਤਿਹਾਸਕ ਮੌਕੇ 'ਤੇ ਭਾਰਤ ਦੀ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਪਹਿਲਕਦਮੀਆਂ ਦੀ ਪ੍ਰਸੰਸ਼ਾ ਕੀਤੀ ਅਤੇ ਇਸ ਸਬੰਧ ਵਿਚ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਯਤਨਾਂ ਨੂੰ ਵੀ ਵਿਸਥਾਰ ਵਿਚ ਦੱਸਿਆ।

**ਗੁਰੂ ਸਾਹਿਬ ਦੇ ਉਪਦੇਸ਼ ਮਨੁੱਖੀ ਜੀਵਨ ਦੀ ਹਰ ਖੇਤਰ ਵਿਚ ਕਰਦੇ ਹਨ ਅਗਵਾਈ -ਭਾਈ ਲੌਂਗੋਵਾਲ**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਸਮੁੱਚੇ ਵਿਸ਼ਵ ਨੂੰ ਵਧਾਈ ਦਿੰਦਿਆਂ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਜੁਗ ਪਲਟਾਊ ਵਿਚਾਰਧਾਰਾ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਉਪਦੇਸ਼ ਮਨੁੱਖ ਲਈ ਧਾਰਮਿਕ, ਸਮਾਜਿਕ, ਰਾਜਨੀਤਕ, ਆਰਥਿਕ, ਵਿਗਿਆਨਕ, ਵਪਾਰਕ ਭਾਵ ਹਰ ਤਰ੍ਹਾਂ ਖੇਤਰ ਵਿਚ ਮਾਰਗ ਦਰਸ਼ਨ ਹੈ ਅਤੇ ਅੱਜ ਇਸ ਗੱਲ ਦੀ ਵੱਡੀ ਲੋੜ ਹੈ ਕਿ ਗੁਰੂ ਸਾਹਿਬ ਦੀ ਪਾਵਨ ਬਾਣੀ ਅਤੇ ਉਪਦੇਸ਼ਾਂ ਨੂੰ ਜੀਵਨ ਵਿਚ ਕਮਾਇਆ ਜਾਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਮਾਗਮ ਵਿਚ ਪਹੁੰਚੀਆਂ ਸਮੂਹ ਧਾਰਮਿਕ, ਰਾਜਨੀਤਕ, ਸਮਾਜਿਕ ਵਿਚਾਰਧਾਰਾ ਸਮੁੱਚੇ ਵਿਸ਼ਵ ਨੂੰ ਆਪਣੇ ਕਲਾਵੇ ਵਿਚ ਲੈਂਦੀ ਹੈ ਅਤੇ ਨਫ਼ਰਤ ਦੀਆਂ ਹੱਦਾਂ ਤੋੜਦੀ ਹੈ। ਸਿੰਘ ਸਾਹਿਬ ਨੇ ਗੁਰੂ ਸਾਹਿਬ ਦੇ ਫ਼ਲਸਫ਼ੇ ਤੋਂ ਸੇਧ ਲੈਣ ਦੀ ਪ੍ਰੇਰਣਾ ਕਰਦਿਆਂ ਕਿਹਾ ਕਿ ਰਾਜ, ਧਰਮ, ਸਮਾਜ ਦੀ ਬੇਹਤਰ ਬੁਨਿਆਦ ਲਈ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਅਮਲ ਵਿਚ ਲਿਆਉਣਾ ਪਵੇਗਾ। ਉਨ੍ਹਾਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬ ਦੇ 550 ਸਾਲਾ ਪ੍ਰਕਾਸ਼ ਪੁਰਬ ਦੇ ਸ਼ੁਭ ਮੌਕੇ 'ਤੇ ਗੁਰੂ ਸਾਹਿਬ ਨਾਲ ਸਬੰਧਤ ਪਾਵਨ ਅਸਥਾਨ ਗੁਰਦੁਆਰਾ ਗਿਆਨ ਗੋਦੜੀ ਸਾਹਿਬ ਹਰਿਦੁਆਰ, ਗੁਰਦੁਆਰਾ ਗੁਰੂ ਡਾਂਗ ਮਾਰ ਸਾਹਿਬ ਸਿਕਮ ਅਤੇ ਜਗਨਨਾਥ ਪੁਰੀ ਸਥਿਤ ਗੁਰਦੁਆਰਾ ਸਾਹਿਬ ਦੇ ਪੂਰਨ ਨਿਰਮਾਣ ਲਈ ਸੁਹਿਰਦਾ ਨਾਲ ਯਤਨ ਕੀਤੇ ਜਾਣ। ਉਨ੍ਹਾਂ ਕਿਹਾ ਕਿ ਇਨ੍ਹਾਂ ਪਾਵਨ ਵਿਰਾਸਤੀ ਅਸਥਾਨਾਂ ਨਾਲ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਜੁੜੀਆਂ ਹੋਈਆਂ ਹਨ, ਜਿਨ੍ਹਾਂ ਦੀ ਕਦਰ ਕਰਦਿਆਂ ਕੇਂਦਰ ਸਰਕਾਰ ਤੁਰੰਤ ਫੈਸਲਾ ਲਵੇ।

ਇਸੇ ਦੌਰਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਵੀ ਹਾਜ਼ਰ ਸੰਗਤਾਂ ਨੂੰ ਗੁਰੂ ਸਾਹਿਬ ਦੀ ਵਿਚਾਰਧਾਰਾ ਨਾਲ ਜੁੜਨ ਦੀ ਅਪੀਲ ਕੀਤੀ ਅਤੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ।

### ਸਮਾਗਮ ਦੌਰਾਨ ਵੱਖ-ਵੱਖ ਸ਼ਖ਼ਸੀਅਤਾਂ ਨੇ ਕੀਤਾ ਸੰਬੋਧਨ

ਸ਼ਮਾਗਮ ਦੌਰਾਨ ਸੰਤ ਸਮਾਜ ਦੇ ਪ੍ਰਧਾਨ ਅਤੇ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ., ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਅਵਤਾਰ ਸਿੰਘ ਹਿੱਤ, ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸਾਬਕਾ ਮੰਤਰੀ ਪੰਜਾਬ ਸਰਕਾਰ ਜਥੇਦਾਰ ਤੋਤਾ ਸਿੰਘ ਨੇ ਵੀ ਸੰਗਤ ਨੂੰ ਸੰਬੋਧਨ ਕੀਤਾ ਅਤੇ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ। ਸਟੇਜ ਦੇ ਫਰਜ਼ ਗਿਆਨੀ ਭਗਵਾਨ ਸਿੰਘ ਜੌਹਲ ਨੇ ਨਿਭਾਏ। ਇਸ ਤੋਂ ਪਹਿਲਾਂ ਸਿੱਖ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਜਥਿਆਂ ਨੇ ਗੁਰਬਾਣੀ ਕੀਰਤਨ ਅਤੇ ਗੁਰ-ਇਤਿਹਾਸ ਨਾਲ ਸੰਗਤ ਨਾਲ ਜੋੜਿਆ। ਇਸੇ ਦੌਰਾਨ ਪ੍ਰਸਿੱਧ ਕਥਾਵਾਚਕ ਗਿਆਨੀ ਰਣਜੀਤ ਸਿੰਘ ਗੌਹਰ-ਏ-ਮਸਕੀਨ ਅਤੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸਾਹਿਬ ਮੁੱਖ ਗ੍ਰੰਥੀ ਗਿਆਨੀ ਸੁਰਜੀਤ ਸਿੰਘ ਸਭਰਾਅ ਨੇ ਵੀ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ।

### ਸ. ਪ੍ਰਕਾਸ਼ ਸਿੰਘ ਬਾਦਲ, ਡਾ. ਮਨਮੋਹਨ ਸਿੰਘ, ਸ੍ਰੀ ਵੀ.ਪੀ. ਸਿੰਘ ਬਦਨੌਰ, ਕੈਪਟਨ ਅਮਰਿੰਦਰ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਨਤਮਸਤਕ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਅੱਜ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਦੇਸ਼ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਜਿਥੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਸ. ਪ੍ਰਕਾਸ਼ ਸਿੰਘ ਬਾਦਲ ਨੇ ਗੁਰੂ ਘਰ ਵਿਖੇ ਸੀਸ ਨਿਵਾਇਆ, ਉਥੇ ਹੀ ਗੁਰਮਤਿ ਸਮਾਗਮਾਂ ਵਿਚ ਸੰਬੋਧਨ ਕਰਨ ਲਈ ਪਹੁੰਚੇ ਹੋਰ ਪ੍ਰਮੁੱਖ ਆਗੂਆਂ ਨੇ ਵੀ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਿਆ। ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਨਤਮਸਤਕ ਹੋਣ ਵਾਲੀਆਂ ਸ਼ਖ਼ਸੀਅਤਾਂ ਵਿਚ ਕੇਂਦਰ ਮੰਤਰੀ ਡਾ. ਮਹੇਸ਼ ਸ਼ਰਮਾ, ਸ. ਹਰਦੀਪ ਸਿੰਘ ਪੁਰੀ, ਪੰਜਾਬ ਦੇ ਰਾਜਪਾਲ ਸ੍ਰੀ ਵੀ.ਪੀ. ਸਿੰਘ ਬਦਨੌਰ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ, ਪੰਜਾਬ ਦੇ ਮੁੱਖ ਮੰਤਰੀ ਸ. ਅਮਰਿੰਦਰ ਸਿੰਘ ਆਦਿ ਮੌਜੂਦ ਸਨ। ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਇਨ੍ਹਾਂ ਸ਼ਖ਼ਸੀਅਤਾਂ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਸਮਾਗਮ ਦੌਰਾਨ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਭਾਈ ਮਰਦਾਨਾ ਜੀ ਦੀਵਾਨ ਹਾਲ ਵਿਖੇ ਹੋਈ ਵਿਸ਼ਾਲ ਸਮਾਗਮ ਦੌਰਾਨ ਸੀਨੀਅਰ ਆਗੂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸ. ਬਲਵਿੰਦਰ ਸਿੰਘ ਭੂੰਦੜ, ਸ. ਦਲਜੀਤ ਸਿੰਘ ਚੀਮਾ, ਸ. ਦਰਬਾਰਾ ਸਿੰਘ ਗੁਰੂ, ਸ. ਨਿਰਮਲ ਸਿੰਘ ਕਾਹਲੋਂ, ਬੀਬੀ ਉਪਿੰਦਰਜੀਤ ਕੌਰ, ਸ. ਗੁਲਜ਼ਾਰ ਸਿੰਘ ਰਣੀਕੇ, ਸ. ਜਨਮੇਜਾ ਸਿੰਘ ਸੇਖੋਂ, ਸ. ਸ਼ਰਨਜੀਤ ਸਿੰਘ ਢਿੱਲੋਂ, ਸ. ਗੁਰਪ੍ਰਤਾਪ ਸਿੰਘ ਵਡਾਲਾ, ਸ੍ਰੀ ਸ਼ਵੇਤ ਮਲਿਕ, ਸ. ਰਣਜੀਤ ਸਿੰਘ ਤਲਵੰਡੀ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਸ. ਕਿਰਨਬੀਰ ਸਿੰਘ ਕੰਗ, ਸ੍ਰੀ ਸੋਮ ਪ੍ਰਕਾਸ਼, ਸ. ਗੁਰਪ੍ਰਤਾਪ ਸਿੰਘ ਟਿੱਕਾ, ਸ. ਦਿਆਲ ਸਿੰਘ ਸੋਢੀ, ਸ. ਬਲਦੇਵ ਸਿੰਘ ਮਾਨ, ਦਲ ਪੰਥ ਬਾਬਾ ਬਿੰਧੀਚੰਦ ਦੇ ਮੁੱਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਬਾਬਾ ਗੱਜਣ ਸਿੰਘ ਮੁਖੀ ਤਰਨਾ ਦਲ ਬਾਬਾ ਬਕਾਲਾ, ਬਾਬਾ ਮੇਜਰ ਸਿੰਘ ਵਾਂ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਬਾਬਾ ਗੁਰਚਰਨ ਸਿੰਘ ਠੱਠਾਟਿੱਬਾ, ਬਾਬਾ ਜਸਪਾਲ ਸਿੰਘ ਜੌਹਲਾ, ਬਾਬਾ ਬਲਦੇਵ ਸਿੰਘ ਵੱਲ੍ਹਾ ਤਰਨਾ ਦਲ, ਬਾਬਾ ਮੇਜਰ ਸਿੰਘ ਸੋਢੀ ਦਸਮੇਸ਼ ਤਰਨਾ ਦਲ, ਬਾਬਾ ਬਲਦੇਵ ਸਿੰਘ ਮੁਸ਼ਤਫਾਬਾਦ, ਬਾਬਾ ਪ੍ਰੇਮ ਸਿੰਘ ਮਜੀਠਾ, ਬਾਬਾ ਪ੍ਰਗਟ ਸਿੰਘ ਮਜੀਠਾ, ਬਾਬਾ ਜੱਸਾ ਸਿੰਘ ਤਲਵੰਡੀ ਸਾਬੋ, ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਸ. ਬਿੱਕਰ ਸਿੰਘ ਚੰਨੂ, ਸ. ਸ਼ਿੰਗਾਰਾ ਸਿੰਘ ਲੋਹੀਆਂ, ਭਾਈ ਮਨਜੀਤ ਸਿੰਘ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਜਰਨੈਲ ਸਿੰਘ ਕਰਤਾਰਪੁਰ, ਸ. ਬਲਦੇਵ ਸਿੰਘ ਚੂੰਘਾ, ਸ. ਗੁਰਮੇਲ ਸਿੰਘ ਸੰਗਤਪੁਰਾ, ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਬੀਬੀ ਗੁਰਪ੍ਰੀਤ ਕੌਰ ਰੂਹੀ, ਭਾਈ ਰਾਮ ਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂੰ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਗੁਰਮੀਤ ਸਿੰਘ ਬੂਹ, ਸ. ਭਗਵੰਤ ਸਿੰਘ ਸਿਆਲਕਾ, ਸ. ਸਰਵਨ ਸਿੰਘ ਕੁਲਾਰ, ਸ. ਪਰਮਜੀਤ ਸਿੰਘ ਰਾਏਪੁਰ, ਸ. ਨਵਤੇਜ ਸਿੰਘ ਕਾਉਣੀ, ਸ. ਪ੍ਰੀਤਮ ਸਿੰਘ ਮਲਸੀਹਾਂ, ਸ. ਸਤਪਾਲ ਸਿੰਘ ਤਲਵੰਡੀ ਭਾਈ, ਸ. ਰਤਨ ਸਿੰਘ ਜੱਫਰਵਾਲ, ਸ. ਕੁਲਵੰਤ ਸਿੰਘ ਮੰਨਣ, ਸ. ਗੁਰਨਾਮ ਸਿੰਘ ਜੱਸਲ, ਸ. ਰਣਜੀਤ ਸਿੰਘ ਕਾਹਲੋਂ, ਸ. ਅਵਤਾਰ ਸਿੰਘ ਰਿਆ, ਸ. ਪਰਮਜੀਤ ਸਿੰਘ ਖ਼ਾਲਸਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਅਵਤਾਰ ਸਿੰਘ ਸੈਂਪਲਾ, ਸ. ਮਨਜੀਤ ਸਿੰਘ ਬਾਠ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਮਹਿੰਦਰ ਸਿੰਘ ਆਹਲੀ, ਸ. ਬਿਜੈ ਸਿੰਘ, ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ ਕੰਗ, ਸ. ਤੇਜਿੰਦਰ ਸਿੰਘ ਪੱਡਾ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਹਰਜੀਤ ਸਿੰਘ ਲਾਲੂਘੁੰਮਣ, ਮੈਨੇਜਰ ਸ. ਜਰਨੈਲ ਸਿੰਘ, ਸ. ਸਰਬਜੀਤ ਸਿੰਘ ਧੂੰਦਾ ਸਮੇਤ ਹੋਰ ਮੌਜੂਦ ਸਨ।



## ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਸੋਨੇ ਤੇ ਚਾਂਦੀ ਦੇ ਸਿੱਕੇ ਸੰਗਤ ਅਰਪਣ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਮਰਦਾਨਾ ਜੀ ਦੀਵਾਨ ਹਾਲ ਵਿਖੇ ਕੀਤੇ ਸਮਾਗਮ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੋਨੇ ਅਤੇ ਚਾਂਦੀ ਦੇ ਵਿਸ਼ੇਸ਼ ਯਾਦਗਾਰੀ ਸਿੱਕੇ ਜਾਰੀ ਕੀਤੇ ਗਏ। ਇਹ ਸਿੱਕੇ ਪੰਜਾਬ ਦੇ ਰਾਜਪਾਲ ਸ੍ਰੀ ਵੀ.ਪੀ. ਸਿੰਘ ਬਦਨੌਰ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤੇ ਗਏ।

ਜਾਰੀ ਕੀਤੇ ਗਏ ਸੋਨੇ ਦੇ ਸਿੱਕੇ 10 ਗ੍ਰਾਮ ਅਤੇ 5 ਗ੍ਰਾਮ ਵਜ਼ਨ ਦੇ ਬਣਾਏ ਗਏ ਹਨ, ਜਿਸ ਲਈ 24 ਕੈਰੇਟ ਸੋਨਾ ਵਰਤਿਆ ਗਿਆ ਹੈ। ਇਸੇ ਤਰ੍ਹਾਂ ਚਾਂਦੀ ਦੇ ਸਿੱਕਿਆਂ ਦਾ ਵਜ਼ਨ 50 ਗ੍ਰਾਮ ਅਤੇ 25 ਗ੍ਰਾਮ ਹੈ। ਸਿਕਿਆ ਦੇ ਇਕ ਪਾਸੇ ਪਾਕਿਸਤਾਨ ਸਥਿਤ ਗੁਰਦੁਆਰਾ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ ਅਤੇ ਦੂਸਰੇ ਪਾਸੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਦੀ ਤਸਵੀਰ ਉਕਰੀ ਗਈ ਹੈ। ਸਮਾਗਮ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਮੁੱਖ ਧਾਰਮਿਕ, ਰਾਜਨੀਤਕ, ਪੰਥਕ ਤੇ ਸਮਾਜਿਕ ਸ਼ਖ਼ਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ।

